ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਵੀਰਵਾਰ, 18 ਦਸੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੪ ਪੋਹ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਪੰਜਾਬ ਦੀ ਸਿਆਸਤ 'ਚ ਹਲਚਲ, ਅਕਾਲੀ ਦਲ ਨੇ 2 ਆਗੂਆਂ ਨੂੰ ਦਿਖਾਇਆ ਬਾਹਰ ਦਾ ਰਸਤਾ

**ਚੰਡੀਗੜ੍ਹ, 17 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ (ਬਾਦਲ) ਨੇ ਪਾਰਟੀ ਅਨੁਸ਼ਾਸਨ ਦਾ ਸਖ਼ਤੀ ਨਾਲ ਪਾਲਣਾ ਕਰਦਿਆਂ ਹੋਇਆਂ ਦੋ ਅਕਾਲੀ ਆਗੂਆਂ ਨੂੰ ਪਾਰਟੀ ਵਿਰੋਧੀ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਕਰਕੇ ਪਾਰਟੀ ਵਿੱਚੋਂ ਬਾਹਰ ਦਾ ਰਸਤਾ ਦਿਖਾ ਦਿੱਤਾ ਹੈ। ਮੁੱਢਲੀ ਮੈਂਬਰਸ਼ਿਪ ਤੋਂ ਕੱਢੇ ਗਏ ਆਗੂਆਂ ਵਿੱਚ ਡੋਗਰ ਸਿੰਘ (ਉਗੋਕੇ) ਅਤੇ ਭਗਵਾਨ ਸਿੰਘ ਭਾਣਾ ਸ਼ਾਮਲ ਹਨ। ਇਹ ਕਾਰਵਾਈ ਸਰਕਲ ਪ੍ਰਧਾਨ ਕਮਲਜੀਤ ਸਿੰਘ ਮੌੜ ਦੀ ਸਿਫ਼ਾਰਸ਼ 'ਤੇ ਅਤੇ ਭਗਤਪੁਰਾ ਮੌੜ ਦੇ ਉਮੀਦਵਾਰ ਮਹਿੰਦਰ ਸਿੰਘ ਦੀ ਸ਼ਿਕਾਇਤ ਦੇ ਆਧਾਰ 'ਤੇ ਕੀਤੀ ਗਈ ਹੈ। ਜਾਣਕਾਰੀ ਮੁਤਾਬਕ, ਦੋਵਾਂ ਆਗੂਆਂ 'ਤੇ ਪਾਰਟੀ ਦੇ ਚੋਣ ਨਿਸ਼ਾਨ 'ਤੇ ਚੋਣ ਲੜ ਰਹੇ ਅਧਿਕਾਰਤ ਅਕਾਲੀ ਦਲ ਦੇ ਉਮੀਦਵਾਰ ਦਾ ਖੁੱਲ੍ਹ ਕੇ ਵਿਰੋਧ ਕਰਨ ਦਾ ਦੋਸ਼ ਹੈ। ਪਾਰਟੀ ਲੀਡਰਸ਼ਿਪ ਨੇ ਇਸ ਨੂੰ ਇੱਕ ਗੰਭੀਰ ਅਨੁਸ਼ਾਸਨਹੀਣਤਾ ਮੰਨਦਿਆਂ ਹੋਇਆਂ ਤੁਰੰਤ ਪ੍ਰਭਾਵ ਨਾਲ ਸਖ਼ਤ ਕਾਰਵਾਈ ਕੀਤੀ ਹੈ। ਪ੍ਰੈਸ ਨਾਲ ਗੱਲਬਾਤ ਕਰਦਿਆਂ, ਸ਼੍ਰੋਮਣੀ ਅਕਾਲੀ ਦਲ (ਸ਼੍ਰੋਮਣੀ ਅਕਾਲੀ ਦਲ) ਭਦੌੜ ਹਲਕੇ ਦੇ ਇੰਚਾਰਜ ਅਤੇ ਸੀਨੀਅਰ ਵਕੀਲ ਸਤਨਾਮ ਸਿੰਘ ਰਾਹੀ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਪਾਰਟੀ ਦੇ ਹਿੱਤ ਸਭ ਤੋਂ ਉੱਪਰ ਹਨ ਅਤੇ ਅਨੁਸ਼ਾਸਨਹੀਣਤਾ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

### ਰਾਣਾ ਬਲਾਚੌਰੀਆ ਕਤਲ ਕਾਂਡ

# ਇੱਕ ਸ਼ੂਟਰ ਲਾਲੜੂ ਨੇੜੇ ਢੇਰ, ਦੂਜਾ ਦਿੱਲੀ ਏਅਰਪੋਰਟ ਤੋਂ ਗ੍ਰਿਫ਼ਤਾਰ

**ਨਵੀਂ ਦਿੱਲੀ/ਚੰਡੀਗੜ੍ਹ, 17 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਮੋਹਾਲੀ 'ਚ ਕਬੱਡੀ ਖਿਡਾਰੀ ਅਤੇ ਪ੍ਰਮੋਟਰ ਰਾਣਾ ਬਲਾਚੌਰੀਆ ਕਤਲ ਮਾਮਲੇ 'ਚ ਪੰਜਾਬ ਪੁਲਿਸ ਨੇ ਇੱਕ ਵੱਡੀ ਸਫਲਤਾ ਹਾਸਲ ਕਰਦਿਆਂ ਇੱਕ ਸ਼ੂਟਰ ਨੂੰ ਪੁਲਿਸ ਨੇ ਮੁਕਾਬਲੇ ਵਿੱਚ ਢੇਰ ਕਰ ਦਿੱਤਾ ਹੈ। ਪੰਜਾਬ ਪੁਲਿਸ ਨੇ ਸ਼ੂਟਰ ਹਰਪਿੰਦਰ ਸਿੰਘ ਉਰਫ਼ ਮਿੱਡੂ ਦਾ ਮੋਹਾਲੀ ਦੇ ਲਾਲੜੂ ਨੇੜੇ ਅੰਬਾਲਾ ਹਾਈਵੇਅ 'ਤੇ ਇੱਕ ਮੁਕਾਬਲੇ ਵਿੱਚ ਐਨਕਾਊਂਟਰ ਕੀਤਾ ਅਤੇ ਬਾਅਦ ਵਿੱਚ ਉਸਦੀ ਮੌਤ ਹੋ ਗਈ। ਉਹ ਦੋ ਹੋਰ ਸ਼ੂਟਰਾਂ ਦਾ ਸਾਥੀ ਸੀ।




ਮੋਹਾਲੀ ਪੁਲਿਸ ਨੇ ਜਾਲ ਵਿਛਾ ਕੇ ਆਰੋਪੀ ਹਰਪਿੰਦਰ ਉਰਫ਼ ਮਿੱਡੂ ਦਾ ਐਨਕਾਊਂਟਰ ਕੀਤਾ ਹੈ। ਦੱਸਿਆ ਜਾ ਰਿਹਾ ਹੈ ਕਿ ਹਰਪਿੰਦਰ ਉਰਫ਼ ਮਿੱਡੂ ਨੇ ਸੈਲਫੀ ਲੈਣ ਦੇ ਬਹਾਨੇ ਬਲਾਚੌਰੀਆ ਨੂੰ ਗੋਲੀਆਂ ਮਾਰੀਆਂ ਸਨ। ਇਹ ਪੂਰਾ ਆਪ੍ਰੇਸ਼ਨ ਪੰਜਾਬ ਪੁਲਿਸ ਦੀ ਐਂਟੀ-ਗੈਂਗਸਟਰ ਟਾਸਕ ਫੋਰਸ ਅਤੇ ਮੋਹਾਲੀ ਪੁਲਿਸ ਵਿਚਕਾਰ ਇੱਕ ਸਾਂਝੇ ਆਪ੍ਰੇਸ਼ਨ ਦਾ ਹਿੱਸਾ ਸੀ। ਗੋਲੀ ਲੱਗਣ ਤੋਂ ਬਾਅਦ ਜ਼ਖਮੀ ਮਿੱਡੂ ਨੂੰ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਸੀ। ਹਰਪਿੰਦਰ ਉਰਫ਼ ਮਿੱਡੂ ਤਰਨਤਾਰਨ ਜ਼ਿਲ੍ਹੇ ਦੇ ਨੌਸ਼ਹਿਰਾ ਪੰਨੂਆਂ ਦਾ ਰਹਿਣ ਵਾਲਾ ਹੈ। ਮੁਕਾਬਲੇ ਵਿੱਚ ਦੋ ਪੁਲਿਸ ਕਰਮਚਾਰੀ ਵੀ ਜ਼ਖਮੀ ਹੋਏ ਹਨ ਅਤੇ ਜ਼ਖ਼ਮੀ ਪੁਲਿਸ ਮੁਲਾਜ਼ਮਾਂ ਨੂੰ ਇਲਾਜ ਲਈ ਹਸਪਤਾਲ ਦਾਖ਼ਲ ਕਰਵਾਇਆ ਗਿਆ ਹੈ। ਮੁੱਢਲੀ ਜਾਂਚ ਤੋਂ ਪਤਾ ਚੱਲਿਆ ਹੈ ਕਿ ਗ੍ਰਿਫ਼ਤਾਰ ਮੁਲਜ਼ਮ ਕਈ ਘਿਨਾਉਣੇ ਅਪਰਾਧਾਂ ਵਿੱਚ ਸ਼ਾਮਲ ਹੈ ਅਤੇ ਉਸਦਾ ਗੰਭੀਰ ਅਪਰਾਧਿਕ ਪਿਛੋਕੜ ਹੈ। ਇਸ ਤੋਂ ਇਲਾਵਾ ਪੁਲਿਸ ਨੇ ਤਰਨਤਾਰਨ ਦੇ ਰਹਿਣ ਵਾਲੇ ਅਸ਼ਿਵੰਦਰ ਸਿੰਘ ਨੂੰ ਦਿੱਲੀ ਹਵਾਈ ਅੱਡੇ ਤੋਂ ਗ੍ਰਿਫ਼ਤਾਰ ਕਰ ਲਿਆ ਹੈ। ਉਸਨੂੰ ਕਤਲ ਦਾ ਮਾਸਟਰਮਾਈਂਡ ਮੰਨਿਆ ਜਾ ਰਿਹਾ ਹੈ। ਦੱਸ ਦੇਈਏ ਕਿ ਇਸ ਤੋਂ ਪਹਿਲਾਂ ਅੱਜ ਸਵੇਰੇ ਹੀ ਦੋ ਸ਼ੂਟਰਾਂ ਆਦਿੱਤਿਆ ਕਪੂਰ ਅਤੇ ਕਰਨ ਪਾਠਕ ਦੀਆਂ ਫੋਟੋਆਂ ਸਾਹਮਣੇ ਆਈਆਂ ਸਨ, ਜਿਨ੍ਹਾਂ ਨੇ ਪੂਰੀ ਯੋਜਨਾਬੰਦੀ ਨਾਲ ਕਤਲ ਨੂੰ ਅੰਜਾਮ ਦਿੱਤਾ ਸੀ। ਇਨ੍ਹਾਂ ਸ਼ੂਟਰਾਂ ਤੋਂ ਇਲਾਵਾ ਟੂਰਨਾਮੈਂਟਾਂ ਤੋਂ ਰਾਣਾ ਦੀ ਰੇਕੀ ਕਰਨ ਵਾਲੇ ਅਤੇ ਜਾਣਕਾਰੀ ਦੇਣ ਵਾਲੇ ਹੋਰ ਲੋਕ ਵੀ ਇਸ ਕਤਲ ਵਿੱਚ ਸ਼ਾਮਲ ਹਨ। ਪੁਲਿਸ ਉਨ੍ਹਾਂ ਦੀ ਪਛਾਣ ਕਰਨ ਲਈ ਕੰਮ ਕਰ ਰਹੀ ਹੈ।

## ਪਾਕਿਸਤਾਨ ਨੇ ਭਾਰਤੀ ਉਡਾਣਾਂ ਲਈ ਹਵਾਈ ਖੇਤਰ ਪਾਬੰਦੀ 23 ਜਨਵਰੀ ਤੱਕ ਵਧਾਈ

**ਇਸਲਾਮਾਬਾਦ/ਲਾਹੌਰ, 17 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਨੇ ਭਾਰਤੀ ਜਹਾਜ਼ਾਂ ਲਈ ਆਪਣੇ ਹਵਾਈ ਖੇਤਰ 'ਤੇ ਲਗਾਈ ਗਈ ਪਾਬੰਦੀ ਨੂੰ ਇੱਕ ਹੋਰ ਮਹੀਨੇ ਲਈ ਵਧਾਉਣ ਦਾ ਫੈਸਲਾ ਕੀਤਾ ਹੈ। ਇਹ ਪਾਬੰਦੀ ਹੁਣ 23 ਜਨਵਰੀ ਤੱਕ ਲਾਗੂ ਰਹੇਗੀ। ਪਾਕਿਸਤਾਨ ਹਵਾਈ ਅੱਡਾ ਅਥਾਰਟੀ (ਪੀਏਏ) ਨੇ ਬੁੱਧਵਾਰ ਨੂੰ ਇਸ ਪਾਬੰਦੀ ਨੂੰ 23 ਜਨਵਰੀ ਤੱਕ ਵਧਾਉਣ ਦਾ ਐਲਾਨ ਕੀਤਾ। ਪਿਛਲੀ ਪਾਬੰਦੀ 24 ਦਸੰਬਰ ਨੂੰ ਖਤਮ ਹੋਣ ਵਾਲੀ ਸੀ। ਇਹ ਪਾਬੰਦੀ ਮੂਲ ਰੂਪ 'ਚ ਪਹਿਲਗਾਮ ਹਮਲੇ ਤੋਂ ਬਾਅਦ ਅਪ੍ਰੈਲ 'ਚ ਲਗਾਈ ਗਈ ਸੀ। ਭਾਰਤ ਨੇ ਵੀ ਪਾਕਿਸਤਾਨ 'ਤੇ ਇਸੇ ਤਰ੍ਹਾਂ ਦੀ ਪਾਬੰਦੀ ਲਗਾਈ ਹੋਈ ਹੈ। ਪੀਏਏ ਨੇ ਸਪੱਸ਼ਟ ਕੀਤਾ ਕਿ "ਪਾਕਿਸਤਾਨ ਦਾ ਹਵਾਈ ਖੇਤਰ ਭਾਰਤੀ ਰਜਿਸਟਰਡ ਜਹਾਜ਼ਾਂ ਲਈ ਬੰਦ ਰਹੇਗਾ।" ਇਸ ਵਿੱਚ ਭਾਰਤੀ ਜਹਾਜ਼ ਕੰਪਨੀਆਂ ਦੀ ਮਾਲਕੀ ਵਾਲੇ, ਉਨ੍ਹਾਂ ਦੁਆਰਾ ਸੰਚਾਲਿਤ ਜਾਂ ਉਨ੍ਹਾਂ ਦੁਆਰਾ ਲੀਜ਼ 'ਤੇ ਲਏ ਗਏ ਸਾਰੇ ਜਹਾਜ਼ ਸ਼ਾਮਲ ਹਨ ਅਤੇ ਨਾਲ ਹੀ ਭਾਰਤੀ ਫੌਜੀ ਉਡਾਣਾਂ ਵੀ ਸ਼ਾਮਲ ਹਨ। 'ਨੋਟਿਸ ਟੂ ਏਅਰਮੈਨ' (ਨੋਟੈਮ) ਅਨੁਸਾਰ, ਪਹਿਲਾਂ ਤੋਂ ਲਾਗੂ ਇਹ ਪਾਬੰਦੀ 23 ਜਨਵਰੀ, 2026 ਤੱਕ ਜਾਰੀ ਰਹੇਗੀ। ਇੱਕ 2022 ਦੇ ਦਸਤਾਵੇਜ਼ ਅਨੁਸਾਰ, ਪਾਕਿਸਤਾਨ ਦਾ ਹਵਾਈ ਖੇਤਰ ਦੋ ਉਡਾਣ ਸੂਚਨਾ ਖੇਤਰਾਂ (ਐੱਫਆਈਆਰ) ਕਰਾਚੀ ਅਤੇ ਲਾਹੌਰ ਵਿੱਚ ਵੰਡਿਆ ਹੋਇਆ ਹੈ।



## ਕੇਂਦਰੀ ਜੇਲ੍ਹ 'ਚ ਜੇਲ੍ਹ ਅਧਿਕਾਰੀਆਂ ਉੱਪਰ ਹਮਲਾ ਕਰਨ ਦੇ ਮਾਮਲੇ 'ਚ 24 ਕੈਦੀ ਆਰੋਪੀਆਂ ਖਿਲਾਫ਼ ਮਾਮਲਾ ਦਰਜ




**ਲੁਧਿਆਣਾ, 17 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ ਦੀ ਕੇਂਦਰੀ ਜੇਲ 'ਚ ਮੰਗਲਵਾਰ ਨੂੰ ਜੇਲ੍ਹ ਸਟਾਫ ਉੱਪਰ ਹਮਲਾ ਕਰਨ ਦੇ ਮਾਮਲੇ ਵਿੱਚ 24 ਆਰੋਪੀਆਂ ਖਿਲਾਫ਼ ਕੇਸ ਦਰਜ ਕੀਤਾ ਗਿਆ ਹੈ। ਜਦਕਿ ਜੇਲ੍ਹ ਸੁਪਰਡੈਂਟ ਸਣੇ ਪੰਜ ਜੇਲ੍ਹ ਪ੍ਰਸ਼ਾਸਨ ਦੇ ਅਧਿਕਾਰੀਆਂ ਨੂੰ ਮਾਮੂਲੀ ਸੱਟਾਂ ਲੱਗੀਆਂ ਹਨ। ਜਿਨਾਂ ਦਾ ਇਲਾਜ ਜਾਰੀ ਹੈ। ਜਿਲ੍ਹਾ ਪਰਿਸ਼ਦ ਅਤੇ ਬਲਾਕ ਸੰਮਤੀ ਚੋਣਾਂ ਲਈ ਚੱਲ ਰਹੀ ਕਾਊਂਟਿੰਗ ਨੂੰ ਲੈ ਕੇ ਲੁਧਿਆਣਾ ਦੇ ਕੇਵੀਐਮ ਸਕੂਲ ਵਿਖੇ ਸੁਰੱਖਿਆ ਪ੍ਰਬੰਧਾਂ ਦਾ ਜਾਇਜਾ ਲੈਣ ਪਹੁੰਚੇ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਨੇ ਦੱਸਿਆ ਕਿ ਦੋ ਕੈਦੀਆਂ ਵਿਚਾਲੇ ਕਿਸੇ ਗੱਲ ਨੂੰ ਲੈ ਕੇ ਲੜਾਈ ਹੋ ਗਈ ਸੀ। ਇਹਨਾਂ ਵਿੱਚੋਂ ਇੱਕ ਕੈਦੀ ਨੂੰ ਸਜ਼ਾ ਵਜੋਂ ਪਨਿਸ਼ਮੈਂਟ ਸੈੱਲ ਵਿੱਚ ਪ੍ਰਸ਼ਾਸਨ ਨੇ ਬੰਦ ਕੀਤਾ ਸੀ। ਸ਼ਾਮ ਵੇਲੇ ਜਦੋਂ ਆਰੋਪੀ ਕੈਦੀ ਨੂੰ ਉਸ ਦੀ ਬੈਰਕ ਵਿੱਚ ਛੱਡਣ ਲਈ ਲਿਜਾਇਆ ਜਾ ਰਿਹਾ ਸੀ ਤਾਂ ਉਸਨੇ ਆਪਣੇ ਸਾਥੀਆਂ ਨੂੰ ਭੜਕਾ ਦਿੱਤਾ ਅਤੇ ਆਰੋਪੀ ਕੈਦੀਆਂ ਨੇ ਕਿਆਰੀਆਂ ਨਾਲ ਲੱਗੀਆਂ ਇੱਟਾਂ ਰਾਹੀਂ ਜੇਲ ਪ੍ਰਸ਼ਾਸਨ ਦੇ ਅਧਿਕਾਰੀਆਂ ਉੱਪਰ ਹਮਲਾ ਕਰ ਦਿੱਤਾ। ਕੰਟਰੋਲ ਰੂਮ 'ਤੇ ਸੂਚਨਾ ਮਿਲਣ 'ਤੇ ਪੁਲਿਸ ਦੀਆਂ ਟੀਮਾਂ ਜੇਲ ਵਿੱਚ ਪਹੁੰਚੀਆਂ ਅਤੇ ਉਨਾਂ ਨੇ ਖੁਦ ਵੀ ਹਾਲਾਤਾਂ ਦਾ ਜਾਇਜ਼ਾ ਲਿਆ ਸੀ। ਫਿਲਹਾਲ ਲੁਧਿਆਣਾ ਕੇਂਦਰੀ ਜੇਲ ਅਤੇ ਸ਼ਹਿਰ ਵਿੱਚ ਹਾਲਾਤ ਕੰਟਰੋਲ ਵਿੱਚ ਹਨ। ਇਸ ਮਾਮਲੇ ਵਿੱਚ ਪੁਲਿਸ ਵੱਲੋਂ 24 ਕੈਦੀਆਂ ਉੱਪਰ ਮਾਮਲਾ ਦਰਜ ਕੀਤਾ ਹੈ, ਜਦਕਿ ਜੇਲ ਪ੍ਰਸ਼ਾਸਨ ਦੇ 5 ਅਧਿਕਾਰੀ ਜੇਰੇ ਇਲਾਜ਼ ਹਨ। ਦੱਸ ਦੇਈਏ ਕਿ ਤਾਜਪੁਰ ਰੋਡ ਕੇਂਦਰੀ ਜੇਲ 'ਚ ਮੰਗਲਵਾਰ ਨੂੰ ਸ਼ਾਮ 7.30 ਵਜੇ ਦੇ ਕਰੀਬ ਕੈਦੀਆਂ ਦੇ 2 ਗਰੁੱਪਾਂ ਵਿਚਕਾਰ ਕਿਸੇ ਗੱਲ ਨੂੰ ਲੈ ਕੇ ਖੂਨੀ ਝੜਪ ਹੋ ਗਈ, ਜਿਸ ਦੌਰਾਨ ਇਕ-ਦੂਜੇ 'ਤੇ ਇੱਟਾਂ-ਰੋੜੇ ਸੁੱਟੇ ਗਏ। ਜੇਲ ਅਧਿਕਾਰੀ ਸਥਿਤੀ ਨੂੰ ਕਾਬੂ ਕਰਨ ਲਈ ਭਾਰੀ ਫੋਰਸ ਨਾਲ ਮੌਕੇ 'ਤੇ ਪਹੁੰਚੇ ਸਨ। ਜੇਲ ਸੁਪਰਡੈਂਟ ਕੁਲਵੰਤ ਸਿੰਘ ਸਿੱਧੂ ਨੇ ਸਥਿਤੀ ਨੂੰ ਸ਼ਾਂਤ ਕਰਨ ਦੀ ਕੋਸ਼ਿਸ਼ ਕੀਤੀ। ਵੱਡੀ ਗਿਣਤੀ 'ਚ ਕੈਦੀਆਂ ਨੇ ਅਧਿਕਾਰੀਆਂ ਦੇ ਵੀ ਇੱਟਾਂ-ਰੋੜੇ ਮਾਰਨੇ ਸ਼ੁਰੂ ਕਰ ਦਿੱਤੇ। ਇਸ ਦੌਰਾਨ ਜੇਲ ਸੁਪਰਡੈਂਟ ਸਿਰ ਇੱਟ ਵੱਜਣ ਕਾਰਨ ਜ਼ਖਮੀ ਹੋ ਗਿਆ। ਉਨ੍ਹਾਂ ਨੂੰ ਤੁਰੰਤ ਇਲਾਜ ਲਈ ਹਸਪਤਾਲ ਲਿਜਾਇਆ ਗਿਆ।

## ਮੇਰਠ ਦੇ ਇੰਟਰ ਕਾਲਜ ਵਿੱਚ ਸਿੱਖ ਵਿਦਿਆਰਥੀ ਦੀ ਉਤਾਰੀ ਗਈ ਪੱਗ, ਖਿੱਚੇ ਗਏ ਕੇਸ ਅਤੇ ਕੀਤੀ ਗਈ ਕੁੱਟਮਾਰ

**ਨਵੀਂ ਦਿੱਲੀ, 17 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**:- ਉੱਤਰ ਪ੍ਰਦੇਸ਼ ਦੇ ਮੇਰਠ ਜ਼ਿਲ੍ਹੇ ਤੋਂ ਇੱਕ ਅਜਿਹੀ ਹੀ ਦਿਲ ਦਹਿਲਾ ਦੇਣ ਵਾਲੀ ਘਟਨਾ ਸਾਹਮਣੇ ਆਈ ਹੈ, ਜਿਸ ਨੇ ਮਨੁੱਖਤਾ ਅਤੇ ਧਾਰਮਿਕ ਸਦਭਾਵਨਾ ਨੂੰ ਸ਼ਰਮਸਾਰ ਕਰ ਦਿੱਤਾ ਹੈ। ਸ਼ਹਿਰ ਦੇ ਵੱਕਾਰੀ ਸਨਾਤਨ ਧਰਮ ਇੰਟਰ ਕਾਲਜ ਵਿੱਚ 12ਵੀਂ ਜਮਾਤ ਦੇ ਇੱਕ ਸਿੱਖ ਵਿਦਿਆਰਥੀ 'ਤੇ ਨਾ ਸਿਰਫ਼ ਉਸਦੇ ਸਹਿਪਾਠੀਆਂ ਨੇ ਬੇਰਹਿਮੀ ਨਾਲ ਹਮਲਾ ਕੀਤਾ, ਸਗੋਂ ਉਸਦੀ ਧਾਰਮਿਕ ਆਸਥਾ ਦਾ ਪ੍ਰਤੀਕ ਉਸਦੀ ਪੱਗ ਵੀ ਉਤਾਰ ਦਿੱਤੀ ਗਈ ਅਤੇ ਕੇਸਾਂ ਨਾਲ ਖਿੱਚਧੂਹ ਕੀਤੀ ਗਈ। ਇਸ ਘਟਨਾ ਤੋਂ ਬਾਅਦ ਪੀੜਤ ਵਿਦਿਆਰਥੀ ਡੂੰਘੇ ਸਦਮੇ ਵਿੱਚ ਹੈ। ਵਿਦਿਆਰਥੀ ਦੇ ਪਿਤਾ ਨੇ ਦਸਿਆ ਕਿ ਕਲਾਸ ਦੇ ਕੁਝ ਬੇਕਾਬੂ ਵਿਦਿਆਰਥੀ ਕਾਫ਼ੀ ਸਮੇਂ ਤੋਂ ਓਸ ਨੂੰ ਨਿਸ਼ਾਨਾ ਬਣਾ ਰਹੇ ਸਨ। ਉਹ ਉਸਨੂੰ ਰੋਜ਼ਾਨਾ ਤੰਗ ਕਰਦੇ ਸਨ, ਉਸਨੂੰ ਧੱਕਾ ਦਿੰਦੇ ਸਨ ਅਤੇ ਬਿਨਾਂ ਕਿਸੇ ਭੜਕਾਹਟ ਦੇ ਗਾਲ੍ਹਾਂ ਕੱਢਦੇ ਸਨ। ਸਥਿਤੀ ਉਦੋਂ ਵਿਗੜ ਗਈ ਜਦੋਂ ਇਹਨਾਂ ਵਿਦਿਆਰਥੀਆਂ ਨੇ ਉਸਦੀ ਧਾਰਮਿਕ ਪਛਾਣ ਦੇ ਆਧਾਰ 'ਤੇ ਉਸਨੂੰ ਨਿਸ਼ਾਨਾ ਬਣਾਉਣਾ ਸ਼ੁਰੂ ਕਰ ਦਿੱਤਾ। ਉਸਨੂੰ ਜਾਤੀਵਾਦੀ ਗਾਲਾਂ ਦਾ ਸ਼ਿਕਾਰ ਬਣਾਇਆ ਗਿਆ ਜਿਸ ਨਾਲ ਓਹ ਮਾਨਸਿਕ ਤੌਰ 'ਤੇ ਟੁੱਟਿਆ ਜਾ ਰਿਹਾ ਸੀ। ਪੀੜਤ ਪਰਿਵਾਰ ਦੇ ਅਨੁਸਾਰ, 16 ਅਕਤੂਬਰ ਨੂੰ ਦੋਸ਼ੀਆਂ ਨੇ ਸਾਰੀਆਂ ਹੱਦਾਂ ਪਾਰ ਕਰਦਿਆਂ ਓਸ ਨੂੰ ਸਕੂਲ ਕੈਂਪਸ ਵਿੱਚ ਘੇਰ ਲਿਆ। ਇਸ ਤੋਂ ਪਹਿਲਾਂ ਕਿ ਉਹ ਕੋਈ ਪ੍ਰਤੀਕਿਰਿਆ ਦਿੰਦਾ, ਦੋਸ਼ੀਆਂ ਨੇ ਉਸ 'ਤੇ ਹਮਲਾ ਕਰ ਦਿੱਤਾ। ਚਸ਼ਮਦੀਦਾਂ ਅਤੇ ਪੀੜਤ ਦੇ ਬਿਆਨ ਅਨੁਸਾਰ, ਹਮਲਾਵਰ ਵਿਦਿਆਰਥੀਆਂ ਨੇ ਓਸ ਦੇ ਕੇਸ ਬੁਰੀ ਤਰ੍ਹਾਂ ਖਿੱਚ ਦਿੱਤੇ ਅਤੇ ਉਸਦੀ ਪੱਗ ਉਸਦੇ ਸਿਰ ਤੋਂ ਲਾਹ ਦਿੱਤੀ। ਜਦਕਿ ਸਿੱਖ ਧਰਮ ਵਿੱਚ, ਪੱਗ ਉਤਾਰਨਾ ਜਾਂ ਕਿਸੇ ਦੇ ਵਾਲਾਂ ਦਾ ਅਪਮਾਨ ਕਰਨਾ ਇੱਕ ਗੰਭੀਰ ਧਾਰਮਿਕ ਅਪਰਾਧ ਅਤੇ ਬੇਅਦਬੀ ਮੰਨਿਆ ਜਾਂਦਾ ਹੈ। ਜਦੋਂ ਓਸ ਨੇ ਆਪਣੀ ਪੱਗ ਦਾ ਬਚਾਅ ਕਰਨ ਅਤੇ ਵਿਰੋਧ ਕਰਨ ਦੀ ਕੋਸ਼ਿਸ਼ ਕੀਤੀ, ਤਾਂ ਮੁਲਜ਼ਮਾਂ ਨੇ ਉਸਨੂੰ ਲੱਤਾਂ ਅਤੇ ਮੁੱਕੇ ਮਾਰੇ, ਜਾਤੀਵਾਦੀ ਗਾਲਾਂ ਕੱਢੀਆਂ ਅਤੇ ਉਸਨੂੰ ਅੱਧਮਰਿਆ ਛੱਡ ਦਿੱਤਾ। ਵਿਦਿਆਰਥੀ ਦੇ ਪਿਤਾ ਦੀ ਸ਼ਿਕਾਇਤ 'ਤੇ ਤੁਰੰਤ ਕਾਰਵਾਈ ਕਰਦੇ ਹੋਏ, ਸਦਰ ਬਾਜ਼ਾਰ ਪੁਲਿਸ ਸਟੇਸ਼ਨ ਨੇ ਪੰਜ ਨਾਮਜ਼ਦ ਅਤੇ ਹੋਰ ਅਣਪਛਾਤੇ ਵਿਦਿਆਰਥੀਆਂ ਵਿਰੁੱਧ ਗੰਭੀਰ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਇਸ ਪੂਰੀ ਘਟਨਾ ਵਿੱਚ ਕਾਲਜ ਪ੍ਰਬੰਧਨ ਅਤੇ ਅਧਿਆਪਕਾਂ ਦੀ ਭੂਮਿਕਾ 'ਤੇ ਗੰਭੀਰ ਸਵਾਲ ਉਠਾਏ ਜਾ ਰਹੇ ਹਨ। ਪੀੜਤ ਦੇ ਪਿਤਾ ਜਗਦੇਵ ਸਿੰਘ ਦਾ ਦੋਸ਼ ਹੈ ਕਿ ਉਨ੍ਹਾਂ ਦਾ ਪੁੱਤਰ ਲੰਬੇ ਸਮੇਂ ਤੋਂ ਪਰੇਸ਼ਾਨ ਸੀ। ਕਾਲਜ ਪ੍ਰਬੰਧਨ ਅਤੇ ਸਬੰਧਤ ਅਧਿਆਪਕਾਂ ਨੂੰ ਇਸ ਬਾਰੇ ਸੂਚਿਤ ਕੀਤਾ ਗਿਆ ਸੀ। ਜੇਕਰ ਕਾਲਜ ਪ੍ਰਸ਼ਾਸਨ ਨੇ ਸ਼ਰਾਰਤੀ ਵਿਦਿਆਰਥੀਆਂ ਨੂੰ ਲਗਾਮ ਦਿੱਤੀ ਹੁੰਦੀ ਜਾਂ ਉਨ੍ਹਾਂ ਨੂੰ ਸਮੇਂ ਸਿਰ ਕਾਊਂਸਲਿੰਗ ਪ੍ਰਦਾਨ ਕੀਤੀ ਹੁੰਦੀ, ਤਾਂ ਸ਼ਾਇਦ ਇੰਨੀ ਗੰਭੀਰ ਘਟਨਾ ਨਾ ਵਾਪਰਦੀ। ਪੀੜਤ ਪਰਿਵਾਰ ਦਾ ਦਾਅਵਾ ਹੈ ਕਿ, ਕੇਸ ਦਰਜ ਹੋਣ ਬਾਰੇ ਪਤਾ ਲੱਗਣ ਤੋਂ ਬਾਅਦ, ਦੋਸ਼ੀ ਵਿਦਿਆਰਥੀ ਹੁਣ ਓਸ ਨੂੰ ਫ਼ੋਨ ਅਤੇ ਸੋਸ਼ਲ ਮੀਡੀਆ ਰਾਹੀਂ ਧਮਕੀਆਂ ਦੇ ਰਹੇ ਹਨ। ਉਹ ਉਸਨੂੰ ਅਪਮਾਨਜਨਕ ਸੁਨੇਹੇ ਭੇਜ ਰਹੇ ਹਨ ਅਤੇ ਉਸਨੂੰ ਜਾਨੋਂ ਮਾਰਨ ਦੀ ਧਮਕੀ ਦੇ ਰਹੇ ਹਨ। ਇਸ ਨਾਲ ਪੂਰਾ ਪਰਿਵਾਰ ਸਦਮੇ ਵਿੱਚ ਹੈ, ਅਤੇ ਵਿਦਿਆਰਥੀ ਸਕੂਲ ਜਾਣ ਤੋਂ ਵੀ ਡਰਦਾ ਹੈ।



**ਜਾਤੀਵਾਚਕ ਗਾਲ੍ਹਾਂ ਕੱਢੀਆਂ ਗਈਆਂ, ਦੋਸ਼ੀਆਂ ਵਲੋਂ ਧਮਕੀਆਂ ਮਿਲਣੀਆਂ ਜਾਰੀ, ਪਰਿਵਾਰ ਸਦਮੇ ਵਿਚ**

# ਸਿੱਖ ਕ੍ਰਿਸਮਸ ਨਹੀਂ, ਸ਼ਹੀਦੀ ਹਫਤਾ ਮਨਾਉਂਦੇ ਹਨ

ਇਸ ਹਫ਼ਤੇ ਜਿੱਥੇ ਹਰ ਪਾਸੇ ਕ੍ਰਿਸਮਸ ਦੀ ਧੂਮ ਹੈ, ਉਥੇ ਹੀ ਸਿੱਖ ਭਾਈਚਾਰੇ ਦੇ ਲੋਕ ਇਸਨੂੰ ਸ਼ਹੀਦੀ ਹਫ਼ਤੇ ਦੇ ਤੌਰ 'ਤੇ ਮਨਾਉਂਦੇ ਹਨ। ਇਸ ਇੱਕ ਹਫ਼ਤੇ ਵਿੱਚ ਗੁਰੂ ਗੋਬਿੰਦ ਸਿੰਘ ਜੀ ਦਾ ਪੂਰਾ ਪਰਿਵਾਰ ਸ਼ਹੀਦ ਹੋ ਗਿਆ ਸੀ। ਨਾਨਕਸ਼ਾਹੀ ਕੈਲੰਡਰ ਦੇ ਅਨੁਸਾਰ 21 ਦਸੰਬਰ ਤੋਂ ਲੈ ਕੇ 29 ਦਸੰਬਰ ਤੱਕ ਨੂੰ ਸਿੱਖ ਕੌਮ ਸ਼ਹੀਦੀ ਹਫ਼ਤੇ ਦੇ ਤੌਰ 'ਤੇ ਯਾਦ ਕਰਦੀ ਹੈ। ਸ਼ਰਧਾਵਾਨ ਸਿੱਖ ਜ਼ਮੀਨ 'ਤੇ ਸੌਂ ਕੇ ਮਾਤਾ ਗੁਜਰੀ ਜੀ ਨੂੰ ਯਾਦ ਕਰਦੇ ਹਨ। ਦਰਅਸਲ ਦਸੰਬਰ ਦੀ ਇਸ ਕੜਕੜਾਉਂਦੀ ਠੰਢ ਵਿੱਚ ਮਾਤਾ ਗੁਜਰੀ ਜੀ ਅਤੇ ਦੋਨੋਂ ਛੋਟੇ ਸਾਹਿਬਜ਼ਾਦਿਆਂ ਨੂੰ ਸਰਹਿੰਦ ਦੇ ਠੰਡੇ ਬੁਰਜ ਵਿੱਚ ਖੁੱਲ੍ਹੇ ਆਸਮਾਨ ਹੇਠ ਕੈਦ ਕਰਕੇ ਰੱਖਿਆ ਗਿਆ ਸੀ। ਪੂਰੇ ਹਫ਼ਤੇ ਵਿੱਚ ਕਿਸ ਦਿਨ ਕੀ ਹੋਇਆ, ਦੱਸ ਰਹੇ ਹਾਂ।

- ਸਿਮਰਨਜੀਤ ਸਿੰਘ

## 6 ਪੋਹ



**ਇਸ ਦਿਨ** ਗੁਰੂ ਗੋਬਿੰਦ ਸਿੰਘ ਜੀ ਆਪਣੇ ਚਾਰੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਕੇ ਚਲੇ ਗਏ ਸਨ। ਅਚਾਨਕ ਮੁਗਲਾਂ ਦੀ ਵਿਸ਼ਾਲ ਸੈਨਾ ਨੇ ਆਨੰਦਪੁਰ ਸਾਹਿਬ ਕਿਲੇ 'ਤੇ ਹਮਲਾ ਕਰ ਦਿੱਤਾ ਸੀ। ਗੁਰੂ ਸਾਹਿਬ ਉਨ੍ਹਾਂ ਨਾਲ ਲੜਨਾ ਚਾਹੁੰਦੇ ਸਨ ਪਰ ਉਥੇ ਮੌਜੂਦ ਹੋਰ ਸਿੱਖਾਂ ਨੇ ਉਨ੍ਹਾਂ ਨੂੰ ਉਥੋਂ ਜਾਣ ਲਈ ਕਿਹਾ, ਜਿਸ ਤੋਂ ਬਾਅਦ ਗੁਰੂ ਗੋਬਿੰਦ ਸਾਹਿਬ ਨੇ ਆਪਣੇ ਪਰਿਵਾਰ ਦੇ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਦਿੱਤਾ। ••

## 7 ਪੋਹ



**ਆਨੰਦਪੁਰ** ਸਾਹਿਬ ਦਾ ਕਿਲਾ ਛੱਡ ਕੇ ਗੁਰੂ ਸਾਹਿਬ ਜਦੋਂ ਪਰਿਵਾਰ ਸਮੇਤ ਸਰਸਾ ਨਦੀ ਪਾਰ ਕਰਨ ਲੱਗੇ ਤਾਂ ਪਾਣੀ ਦਾ ਵਹਾਅ ਇੰਨਾ ਤੇਜ਼ ਸੀ ਕਿ ਉਨ੍ਹਾਂ ਦਾ ਪੂਰਾ ਪਰਿਵਾਰ ਵਿਛੜ ਗਿਆ। ਵਿਛੜਨ ਤੋਂ ਬਾਅਦ ਗੁਰੂ ਸਾਹਿਬ ਆਪਣੇ ਦੋਵੇਂ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਅਤੇ ਬਾਬਾ ਜੁਝਾਰ ਸਿੰਘ ਸਮੇਤ ਚਮਕੌਰ ਪਹੁੰਚ ਗਏ। ਉਥੇ ਮਾਤਾ ਗੁਜਰੀ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਹਿ ਸਿੰਘ ਜੀ ਨੂੰ ਗੁਰੂ ਸਾਹਿਬ ਦਾ ਸੇਵਕ ਰਹਿ ਚੁੱਕਾ ਗੰਗੂ ਨਾਮਕ ਬ੍ਰਾਹਮਣ ਆਪਣੇ ਨਾਲ ਲੈ ਗਿਆ, ਪਰ ਉਸਨੇ ਸਰਹਿੰਦ ਦੇ ਨਵਾਬ ਵਜ਼ੀਰ ਖ਼ਾਨ ਨੂੰ ਇਸਦੀ ਸੂਚਨਾ ਦੇ ਦਿੱਤੀ। ਫਿਰ ਵਜ਼ੀਰ ਖ਼ਾਨ ਨੇ ਉਨ੍ਹਾਂ ਨੂੰ ਕੈਦ ਕਰ ਲਿਆ। ••

## 8 ਪੋਹ



**ਇਸ ਦਿਨ** ਚਮਕੌਰ ਦਾ ਯੁੱਧ ਹੋਇਆ, ਜਿਸ ਵਿੱਚ ਮੁਗਲਾਂ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸੈਨਾ ਆਹਮਣੇ-ਸਾਹਮਣੇ ਸੀ। ਅਜਿਹਾ ਕਿਹ ਜਾਂਦਾ ਹੈ ਕਿ ਮੁਗਲਾਂ ਦੀ ਸੈਨਾ ਹਜ਼ਾਰਾਂ ਦੀ ਗਿਣਤੀ ਵਿੱਚ ਸੀ ਜਦਕਿ ਸਿੱਖਾਂ ਦੀ ਗਿਣਤੀ ਬਹੁਤ ਘੱਟ ਸੀ। ਇਸਦੇ ਬਾਵਜੂਦ ਉਨ੍ਹਾਂ ਨੇ ਬਹਾਦਰੀ ਦਿਖਾਉਂਦੇ ਹੋਏ ਮੁਗਲਾਂ ਨਾਲ ਲੋਹਾ ਲਿਆ। ਯੁੱਧ ਵਿੱਚ ਆਪਣੇ ਸੈਨਿਕਾਂ ਨੂੰ ਸ਼ਹੀਦ ਹੁੰਦੇ ਦੇਖ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਨੇ ਗੁਰੂ ਗੋਬਿੰਦ ਸਿੰਘ ਜੀ ਨੂੰ ਕਿਹਾ ਕਿ ਉਹ ਯੁੱਧ ਵਿੱਚ ਜਾ ਕੇ ਕੌਮ ਦੇ ਲਈ ਲੜਨਾ ਚਾਹੁੰਦੇ ਹਨ। ਗੁਰੂ ਗੋਬਿੰਦ ਸਿੰਘ ਜੀ ਨੇ ਉਨ੍ਹਾਂ ਨੂੰ ਆਗਿਆ ਦਿੰਦੇ ਹੋਏ ਯੁੱਧ ਵਿੱਚ ਉਤਾਰਿਆ, ਜਿਸ ਵਿੱਚ ਉਨ੍ਹਾਂ ਨੇ ਇੱਕ ਦੇ ਬਾਅਦ ਇੱਕ ਮੁਗਲ ਸੈਨਿਕਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਇਸ ਦਰਮਿਆਨ ਉਹ ਖ਼ੁਦ ਵੀ ਸ਼ਹੀਦ ਹੋ ਗਏ। ਵੱਡੇ ਭਰਾ ਨੂੰ ਯੁੱਧ ਵਿੱਚ ਸ਼ਹੀਦ ਹੁੰਦਾ ਦੇਖ ਬਾਬਾ ਜੁਝਾਰ ਸਿੰਘ ਵੀ ਪਿਤਾ ਜੀ ਦੀ ਆਗਿਆ ਲੈ ਕੇ ਯੁੱਧ ਵਿੱਚ ਉਤਰੇ ਅਤੇ ਉਨ੍ਹਾਂ ਨੇ ਵੀ ਮੁਗਲੀਆ ਸੈਨਾ ਨਾਲ ਲੋਹਾ ਲਿਆ। ਛੋਟੀ ਜਿਹੀ ਉਮਰ ਵਿੱਚ ਉਨ੍ਹਾਂ ਨੇ ਕਈ ਮੁਗਲਾਂ ਨੂੰ ਮੌਤ ਦੇ ਘਾਟ ਉਤਾਰਿਆ ਅਤੇ ਉਹ ਵੀ ਸ਼ਹੀਦ ਹੋ ਗਏ। ਇਹ ਪੂਰਾ ਨਜ਼ਾਰਾ ਗੁਰੂ ਗੋਬਿੰਦ ਸਿੰਘ ਜੀ ਚਮਕੌਰ ਦੇ ਕਿਲੇ ਤੋਂ ਦੇਖ ਰਹੇ ਸਨ। ••

## 9 ਪੋਹ



**ਸ੍ਰੀ ਗੁਰੂ** ਗੋਬਿੰਦ ਸਿੰਘ ਜੀ ਇਸ ਯੁੱਧ ਵਿੱਚ ਜਾਣਾ ਚਾਹੁੰਦੇ ਸਨ ਪਰ ਹੋਰ ਸਿੱਖਾਂ ਨੇ ਆਪਣੇ ਅਧਿਕਾਰਾਂ ਦਾ ਇਸਤੇਮਾਲਕਰਦਿਆਂ ਹੋਇਆਂ ਗੁਰੂ ਗੋਬਿੰਦ ਸਿੰਘ ਜੀ ਨੂੰ ਉਥੋਂ ਜਾਣ ਲਈ ਕਿਹਾ। ਗੁਰੂ ਸਾਹਿਬ ਇਸਨੂੰ ਮੰਨਣ ਨੂੰ ਤਿਆਰ ਨਹੀਂ ਸਨ ਪਰ ਹੋਰ ਸਿੱਖਾਂ ਦੇ ਅੱਗੇ ਉਨ੍ਹਾਂ ਨੂੰ ਮਜਬੂਰ ਹੋ ਕੇ ਉਥੋਂ ਜਾਣਾ ਪਿਆ। ਇਸ ਦਰਮਿਆਨ ਉਥੇ ਬਚੇ ਸਿੱਖਾਂ ਨੇ ਮੁਗਲੀਆ ਸੈਨਾ ਨਾਲ ਯੁੱਧ ਕੀਤਾ ਅਤੇ ਲੜਦੇ-ਲੜਦੇ ਸ਼ਹੀਦ ਹੋ ਗਏ। ••

## 10 ਪੋਹ



**ਜਦੋਂ ਸ੍ਰੀ** ਗੁਰੂ ਗੋਬਿੰਦ ਸਿੰਘ ਜੀ ਇੱਕ ਪਿੰਡ ਪਹੁੰਚੇ ਤਾਂ ਉਥੇ ਉਨ੍ਹਾਂ ਨੂੰ ਬੀਬੀ ਹਰਸ਼ਰਨ ਕੌਰ ਮਿਲੀ, ਜੋ ਗੁਰੂ ਗੋਬਿੰਦ ਸਿੰਘ ਜੀ ਨੂੰ ਆਦਰਸ਼ ਮੰਨਦੀ ਸੀ। ਉਨ੍ਹਾਂ ਨੇ ਸਾਹਿਬਜ਼ਾਦਿਆਂ ਬਾਰੇ ਪੁੱਛਿਆ, ਤਦ ਉਨ੍ਹਾਂ ਦੀ ਸ਼ਹੀਦੀ ਬਾਰੇ ਪਤਾ ਲੱਗਾ। ਇਹ ਸੁਣ ਕੇ ਬੀਬੀ ਹਰਸ਼ਰਨ ਕੌਰ ਤੁਰੰਤ ਚਮਕੌਰ ਪਹੁੰਚੀ, ਜਿੱਥੇ ਉਨ੍ਹਾਂ ਨੇ ਸ਼ਹੀਦ ਸਿੰਘਾਂ ਦੀਆਂ ਲਾਸ਼ਾਂ ਨੂੰ ਦੇਖਿਆ। ਮੁਗਲ ਚਾਹੁੰਦੇ ਸਨ ਕਿ ਇਨ੍ਹਾਂ ਦਾ ਅੰਤਿਮ ਸੰਸਕਾਰ ਨਾ ਕੀਤਾ ਜਾ ਸਕੇ ਅਤੇ ਚੀਲਾਂ, ਗਿੱਧ ਇਨ੍ਹਾਂ ਨੂੰ ਖਾਣ, ਪਰ ਬੀਬੀ ਹਰਸ਼ਰਨ ਕੌਰ ਨੇ ਉਥੇ ਪਹੁੰਚ ਕੇ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕੀਤਾ। ਇਹ ਸਭ ਮੁਗਲ ਸੈਨਾ ਨੇ ਦੇਖ ਲਿਆ। ਉਨ੍ਹਾਂ ਨੇ ਬੀਬੀ ਹਰਸ਼ਰਨ ਕੌਰ ਨੂੰ ਗੁਰੂ ਸਾਹਿਬ ਬਾਰੇ ਪੁੱਛਿਆ ਪਰ ਉਨ੍ਹਾਂ ਕੁਝ ਨਹੀਂ ਦੱਸਿਆ, ਇਸ ਤੋਂ ਬਾਅਦ ਮੁਗਲਾਂ ਨੇ ਉਨ੍ਹਾਂ ਨੂੰ ਵੀ ਅੱਗ ਵਿੱਚ ਧਕੇਲ ਦਿੱਤਾ ਅਤੇ ਉਹ ਸ਼ਹੀਦ ਹੋ ਗਈ। ••

## 11-12 ਪੋਹ



**ਮਾਤਾ ਗੁਜਰੀ** ਅਤੇ ਛੋਟੇ ਸਾਹਿਬਜ਼ਾਦਿਆਂ ਨੂੰ ਵਜ਼ੀਰ ਖ਼ਾਂ ਨੇ ਕੈਦ ਕਰ ਲਿਆ ਸੀ। ਇਸ ਦਿਨ ਉਸਦੀ ਕਚਹਿਰੀ ਵਿੱਚ ਛੋਟੇ ਸਾਹਿਬਜ਼ਾਦਿਆਂ ਦੀ ਪੇਸ਼ੀ ਸੀ, ਜਿੱਥੇ ਵਜੀਰ ਖਾਨ ਨ ਛੋਟੇ ਸਾਹਿਬਜ਼ਾਦਿਆਂ ਨੂੰ ਬੇਹੱਦ ਡਰਾਇਆ-ਧਮਕਾਇਆ ਅਤੇ ਉਨ੍ਹਾਂ ਨੂੰ ਧਰਮ ਪਰਿਵਰਤਨ ਕਰਨ ਲਈ ਕਿਹਾ, ਪਰ ਛੋਟੇ ਸਾਹਿਬਜ਼ਾਦਿਆਂ ਨੇ ਬਹਾਦਰੀ ਨਾਲ ਜਵਾਬ ਦਿੰਦੇ ਹੋਏ ਕਿਹਾ ਕਿ 'ਅਸੀਂ ਗੋਬਿੰਦ ਸਿੰਘ ਦੇ ਬੇਟੇ ਹਾਂ। ਮਰ ਜਾਵਾਂਗੇ ਪਰ ਧਰਮ ਨਹੀਂ ਤਿਆਗਾਂਗੇ।' ਇਸ ਦੌਰਾਨ ਉਨ੍ਹਾਂ ਨੇ ਜੋ ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ ਦੇ ਜੈਕਾਰੇ ਵੀ ਲਗਾਏ, ਜਿਸਨੂੰ ਸੁਣ ਕੇ ਵਜ਼ੀਰ ਖਾਂ ਅਤੇ ਹੋਰ ਲੋਕ ਗੁੱਸੇ ਵਿੱਚ ਆ ਗਏ ਅਤੇ ਉਨ੍ਹਾਂ ਨੇ ਅਗਲੇ ਦਿਨ ਆਉਣ ਲਈ ਕਿਹਾ ਅਤੇ ਨਾਲ ਹੀ ਇਹ ਵੀ ਕਿਹਾ ਕਿ ਕਲ ਜਾਂ ਤਾਂ ਧਰਮ ਪਰਿਵਰਤਨ ਕਰੋ ਜਾਂ ਮਰਨ ਲਈ ਤਿਆਰ ਰਹੋ। ••

## 13 ਪੋਹ



**ਠੰਡੇ ਬੁਰਜ** ਵਿੱਚ ਕੈਦ ਸਾਹਿਬਜ਼ਾਦਿਆਂ ਦੀ ਦਾਦੀ ਮਾਤਾ ਗੁਜਰੀ ਜੀ ਨੇ ਦੋਵੇਂ ਸਾਹਿਬਜ਼ਾਦਿਆਂ ਨੂੰ ਬੇਹੱਦ ਪਿਆਰ ਨਾਲ ਤਿਆਰ ਕਰਕੇ ਦੋਬਾਰਾ ਸੂਬੇ ਦੀ ਕਚਹਿਰੀ ਵਿੱਚ ਭੇਜਿਆ। ਇੱਥੇ ਇੱਕ ਵਾਰ ਫਿਰ ਵਜ਼ੀਰ ਖ਼ਾਨ ਨੇ ਸਾਹਿਬਜ਼ਾਦਿਆਂ ਨੂੰ ਧਰਮ ਬਦਲਣ ਲਈ ਕਿਹਾ ਪਰ ਸਾਹਿਬਜ਼ਾਦਿਆਂ ਨੇ ਫਿਰ ਮਨਾ ਕਰ ਦਿੱਤਾ। ਇੱਕ ਵਾਰ ਫਿਰ ਜੈਕਾਰੇ ਲੱਗਣ ਲੱਗੇ। ਇਹ ਸੁਣ ਵਜ਼ੀਰ ਖ਼ਾਨ ਤਿਲਮਿਲਾ ਉੱਠਿਆ ਅਤੇ ਉਸਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਜ਼ਿੰਦਾ ਦੀਵਾਰ ਵਿੱਚ ਚਿਣਵਾਉਣ ਦਾ ਹੁਕਮ ਦੇ ਦਿੱਤਾ। ਇਹ ਸੁਣਕੇ ਵੀ ਛੋਟੇ ਸਾਹਿਬਜਦਿਆਂ ਦਾ ਹੌਸਲਾ ਨਹੀਂ ਡਗਮਗਾਇਆ। ਇਸ ਤਰ੍ਹਾਂ ਵਜ਼ੀਰ ਖ਼ਾਨ ਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਦੀਵਾਰ ਵਿੱਚ ਚਿਣਵਾ ਕੇ ਸ਼ਹੀਦ ਕਰ ਕਰਵਾ ਦਿੱਤਾ। ਜਿਉਂ ਹੀ ਮਾਤਾ ਗੁਜਰੀ ਜੀ ਤੱਕ ਇਹ ਖ਼ਬਰ ਪਹੁੰਚੀ, ਉਨ੍ਹਾਂ ਨੇ ਵੀ ਪ੍ਰਾਣ ਤਿਆਗ ਦਿੱਤੇ ਅਤੇ ਇਸ ਇੱਕ ਦਿਨ ਮਾਤਾ ਗੁਜਰੀ ਜੀ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਸ਼ਹੀਦ ਹੋ ਗਏ। ••

## 14 ਪੋਹ



**ਵਜ਼ੀਰ ਖ਼ਾਨ** ਨੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦਾ ਅੰਤਿਮ ਸੰਸਕਾਰ ਕਰਨ ਤੋਂ ਮਨ੍ਹਾ ਕਰ ਦਿੱਤਾ ਸੀ, ਪਰ ਦੀਵਾਨ ਟੋਡਰ ਮੱਲ ਨੇ ਵਜ਼ੀਰ ਖ਼ਾਨ ਤੋਂ ਉਨ੍ਹਾਂ ਦਾ ਅੰਤਿਮ ਸੰਸਕਾਰ ਕਰਨ ਦੀ ਇਜਾਜ਼ਤ ਮੰਗੀ। ਵਜ਼ੀਰ ਖ਼ਾਨ ਨੇ ਟੋਡਰਮੱਲ ਅੱਗੇ ਸ਼ਰਤ ਰੱਖੀ ਕਿ ਉਹ ਜਿੰਨੀ ਜਗ੍ਹਾ 'ਤੇ ਸੰਸਕਾਰ ਕਰਨਾ ਚਾਹੁੰਦਾ ਹੈ, ਉਨੀ ਜਗ੍ਹਾ 'ਤੇ ਸੋਨੇ ਦੀਆਂ ਮੋਹਰਾਂ ਵਿਛਾ ਦੇਵੇ। ਇਹ ਸੁਣਕੇ ਟੋਡਰਮੱਲ ਨੇ ਉਸ ਪੂਰੇ ਹਿੱਸੇ 'ਤੇ ਸੋਨੇ ਦੀਆਂ ਮੋਹਰਾਂ ਵਿਛਾ ਕੇ ਜ਼ਮੀਨ ਲੈ ਲਈ ਅਤੇ ਮਾਤਾ ਗੁਜਰੀ ਜੀ ਅਤੇ ਦੋਵੇਂ ਸਾਹਿਬਜ਼ਾਦਇਆਂ ਦਾ ਅੰਤਿਮ ਸੰਸਕਾਰ ਕਰ ਦਿੱਤਾ। ••

ਆਵਾਜ਼ਿ ਕੌਮ
AWAZE QAUM
International Newspaper & WEB TV

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਨਾਮ ਜਪੋ ਕਿਰਤ ਕਰੋ ਵੰਡ ਛੱਕੋ
Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਸੰਤ ਗਿਆਨੀ ਗੁਰਬਚਨ ਸਿੰਘ ਜੀ
ਖਾਲ਼ਸਾ ਮੈਮੋਰੀਅਲ ਹਸਪਤਾਲ



ਇੱਥੇ ਹਰ ਸ਼ਨੀਵਾਰ ਅੱਖਾਂ ਦੇ ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।
+91 98767-50784 +91 98767-50784
ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ
ਮਹਿਤਾ ਚੌਂਕ, ਅੰਮ੍ਰਿਤਸਰ

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









SANJHA PUNJAB

VEG & NON-VEG INDIAN

TAKE AWAY MENU

0116 291 1565

075 9999 5787

47 BELGRAVE ROAD

LEICESTER LE4 6AR

visit us : www.sanjhapunjab.co.uk

email: sanjha47@hotmail.com

0784 102 9416

## SANJHA PUNJAB

VEG & NON-VEG INDIAN

0116 291 1565

visit us : www.sanjhapunjab.co.uk

email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ AWAZE QAUM
International Newspaper & WEB TV




DISCOVER YOUR PERFECT SMILE

# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008
Contact :
98150-83338
70879-59639



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'

# ਸੱਦਾ ਪੱਤਰ

# 8ਵੀਂ ਬਰਸੀ ਦੀ ਮਿੱਠੀ ਯਾਦ ਮੌਕੇ

## ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦਾ ਭੋਗ 19 ਦਸੰਬਰ ਨੂੰ



ਸਵ. ਸ. ਪਿਆਰਾ ਸਿੰਘ ਜੀ ਪਹਿਲਵਾਨ

ਸਵਰਗੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਜੀ ਦੀ

## 8ਵੀਂ ਬਰਸੀ ਤੇ ਮਿੱਠੀ ਯਾਦ ਮੌਕੇ

ਪਰਿਵਾਰ ਵਲੋਂ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਅਰੰਭ ਸ੍ਰੀ ਅਖੰਡਪਾਠ ਸਾਹਿਬ 19 ਦਸੰਬਰ 2025 ਦਿਨ ਸ਼ੁੱਕਰਵਾਰ ਸਵੇਰੇ 10 ਵਜੇ ਅਤੇ ਭੋਗ ਸ੍ਰੀ ਅਖੰਡਪਾਠ ਸਾਹਿਬ 21 ਦਸੰਬਰ 2025 ਦਿਨ ਐਤਵਾਰ ਸਵੇਰੇ 10 ਵਜੇ ਪਾਏ ਜਾਣਗੇ

**ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਦੀ ਅਰਦਾਸ ਉਪਰੰਤ ਗੁਰਦੁਆਰਾ ਸਾਹਿਬ ਦਾ ਹਜ਼ੂਰੀ ਜਥਾ ਕੀਰਤਨ ਕਰੇਗਾ। ਸਿੱਖ ਪ੍ਰਚਾਰਕ ਬਾਬਾ ਬਘੇਲ ਸਿੰਘ ਜੀ ਗੁਰਬਾਣੀ ਕਥਾ ਦੁਆਰਾ ਨਿਹਾਲ ਕਰਨਗੇ। ਭਾਈ ਹਰਮੇਲ ਸਿੰਘ ਦਿਲਬਰ ਦਾ ਢਾਡੀ ਜੱਥਾ ਅਤੇ ਪੰਥਕ ਬੁਲਾਰੇ ਸੰਗਤਾਂ ਨੂੰ ਨਿਹਾਲ ਕਰਨਗੇ।**

ਗੁਰੂ ਪਿਆਰੀ ਸਾਧ ਸੰਗਤ ਜੀਓ,
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ।।

ਸਾਡੇ ਬਹੁਤ ਹੀ ਸਤਿਕਾਰਯੋਗ ਪਿਤਾ ਜੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਅਕਾਲ ਪੁਰਖ ਵਲੋਂ ਬਖਸੀ ਹੋਈ ਸਵਾਸਾਂ ਦੀ ਪੂੰਜੀ ਨੂੰ ਭੋਗਦੇ ਹੋਏ 16 ਦਸੰਬਰ 2017 ਸਾਨੂੰ ਸਦਾ ਲਈ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦੀ **ਅੱਠਵੀਂ ਬਰਸੀ** 'ਤੇ ਪਰਿਵਾਰ ਵਲੋਂ ਮਿੱਠੀ ਯਾਦ ਵਿੱਚ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਕਰਵਾਏ ਜਾ ਰਹੇ ਹਨ ।

**ਆਪ ਜੀ ਨੂੰ ਬੇਨਤੀ ਹੈ ਕਿ ਪਰਿਵਾਰ ਸਮੇਤ ਪਹੁੰਚ ਕੇ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ**

--- ★ ਗੁਰਦੁਆਰਾ ਸਾਹਿਬ ਦਾ ਪਤਾ ★----

**Gurdawara Nanaksar Pleck 4 Wellington St, Walsall , WS2 9QR, West Midlands , Tel. : 01922 641040**

-- ★ ਸਤਿਗੁਰੂ ਦੇ ਭਾਣੇ ਵਿੱਚ ★--

| | | | |
|---|---|---|---|
| ਬੀਬੀ ਗੁਰਮੀਤ ਕੌਰ | (ਪਤਨੀ) | ਕੁਲਵਿੰਦਰ ਕੌਰ | (ਪੁੱਤਰੀ) |
| ਰਘਵੀਰ ਸਿੰਘ | (ਪੁੱਤਰ) | ਜਸਵਿੰਦਰ ਕੌਰ | (ਪੁੱਤਰੀ) |
| ਜਰਨੈਲ ਸਿੰਘ | (ਪੁੱਤਰ) | ਅਤੇ ਸਮੂਹ ਪਰਿਵਾਰ | |

Contact : 07830202647 (Jarnail Singh Johal), 07976210161 (Raghbir Singh)

ਆਵਾਜ਼ਿ ਕੌਮ AWAZE QAUM International Newspaper & WEB TV





# ਸੰਘਰਸ਼ ਦੇ ਦੌਰ ਦਾ ਦੂਸਰਾ ਅਡੀਸ਼ਨ ਕੈਨੇਡਾ ਦੇ ਬੀ.ਸੀ ਵਿੱਚ ਸਿੱਖ ਆਗੂਆਂ ਨੇ ਜਾਰੀ ਕੀਤਾ

**ਬੀ.ਸੀ., 17 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਵੱਲੋਂ ਲਿਖੀ ਅਤੇ ਬੀਬੀ ਰਸ਼ਿਪੰਦਰ ਕੌਰ ਗਿੱਲ ਵੱਲੋਂ ਸੰਪਾਦਤ ਕੀਤੀ ਗਈ ਕਿਤਾਬ ਸੰਘਰਸ਼ ਦਾ ਦੌਰ ਦਾ ਦੂਸਰਾ ਅਡੀਸ਼ਨ ਕੈਨੇਡਾ ਦੇ ਬੀ.ਸੀ ਵਿੱਚ ਖਾਲਿਸਤਾਨੀ ਆਗੂਆਂ ਅਤੇ ਸ਼ਹੀਦ ਪਰਿਵਾਰਾਂ ਵੱਲੋਂ ਜੈਕਾਰਿਆਂ ਦੀ ਗੂੰਜ ਵਿੱਚ ਜਾਰੀ ਕੀਤਾ ਗਿਆ।ਗੁਰੂਦੁਆਰਾ ਸੁਖ ਸਾਗਰ ਖਾਲਸਾ ਦੀਵਾਨ ਸੁਸਾਇਟੀ, ਵੈਸਟ ਮਨਿਸਟਰ, ਬੀ.ਸੀ ਵਿਖੇ ਸ਼ਹੀਦਾਂ ਦੇ ਪਰਿਵਾਰਾਂ ਵੱਲੋਂ ਸ਼ਹੀਦਾਂ ਦੀ ਯਾਦ

ਆਵਾਜ਼ਿ ਕੌਮ AWAZE QAUM International Newspaper & WEB TV

ਵਿੱਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਵਾਏ ਗਏ।ਉਪਰੰਤ ਸਜੇ ਹੋਏ ਭਾਰੀ ਦੀਵਾਨ ਦੌਰਾਨ ਪੰਥਕ ਬੁਲਾਰਿਆਂ ਨੇ ਆਪਣੇ ਵਿਚਾਰਾਂ ਦਾ ਇਜ਼ਹਾਰ ਕੀਤਾ ਅਤੇ ਰਾਗੀ-ਢਾਡੀ ਸਿੰਘਾਂ ਨੇ ਸ਼ਹੀਦਾਂ ਬਾਰੇ ਪ੍ਰਸੰਗ ਗਾਇਣ ਕੀਤੇ ।ਅਮਰੀਕਾ ਤੋਂ ਵਿਸ਼ੇਸ਼ ਤੌਰ ਤੇ ਪੁੱਜੇ ਡਾਕਟਰ ਅਮਰਜੀਤ ਸਿੰਘ ਨੇ ਵਿਸਥਾਰ ਸਹਿਤ ਖਾਲਿਸਤਾਨ ਦੇ ਸੰਘਰਸ਼ ਬਾਰੇ ਸਿੱਖ ਸੰਗਤਾਂ ਨਾਲ ਸਾਂਝ ਪਾਈ।ਉਪਰੰਤ ਡਾਕਟਰ ਅਮਰਜੀਤ ਸਿੰਘ, ਭਾਈ ਗੁਰਪ੍ਰੀਤ ਸਿੰਘ ਸਹੋਤਾ, ਭਾਈ ਕੰਵਲਜੀਤ ਸਿੰਘ, ਭਾਈ ਗੁਰਦੇਵ ਸਿੰਘ, ਭਾਈ ਅਮਰਜੀਤ ਸਿੰਘ, ਢਾਡੀ ਰਸ਼ਪਾਲ ਸਿੰਘ

ਪਮਾਲ ਅਤੇ ਸ਼ਹੀਦ ਪਰਿਵਾਰਾਂ ਵੱਲੋਂ ਸੰਘਰਸ਼ ਦਾ ਦੌਰ ਨਾਮੀ ਕਿਤਾਬ ਦਾ ਦੂਸਰਾ ਅਡੀਸ਼ਨ ਰਿਲੀਜ਼ ਕੀਤਾ ਗਿਆ।

ਸਿੱਖ ਸੰਘਰਸ਼ ਦੌਰਾਨ ਸਿੱਖ ਨੌਜਵਾਨਾਂ ਨੂੰ ਪੰਜਾਬ ਪੁਲਿਸ ਦੇ ਅਧਿਕਾਰੀਆਂ ਵੱਲੋਂ ਆਰਥਿਕ ਲਾਭ ਪ੍ਰਾਪਤ ਕਰਨ ਅਤੇ ਤਰੱਕੀਆਂ ਦੀ ਦੌੜ ਵਿੱਚ ਵੱਡੀ ਪੱਧਰ ਤੇ ਝੂਠੇ ਪੁਲਿਸ ਮੁਕਾਬਲਿਆਂ ਵਿੱਚ ਸ਼ਹੀਦ ਕੀਤਾ ਗਿਆ, ਜਿਹਨਾਂ ਦੀ ਸਹੀ ਗਿਣਤੀ ਕਰਨੀ ਵੀ ਮੁਸ਼ਿਕਲ ਹੈ। ਪੰਜਾਬ ਦੀਆਂ ਨਹਿਰਾਂ, ਡਰੇਨਾਂ ਦੇ ਪੁਲਾਂ ਅਤੇ ਚੌਰਾਹਿਆਂ ਨੂੰ ਸਿੱਖ ਨੌਜਵਾਨਾਂ ਦੇ ਖ਼ੂਨ ਨਾਲ ਲੱਥ-ਪੱਥ ਕੀਤਾ ਗਿਆ।ਉਹਨਾਂ ਜ਼ਾਲਮ ਪੁਲਿਸ ਅਧਿਕਾਰੀਆਂ ਦੀ ਕਾਲੀ ਸੂਚੀ, ਪੁਲਿਸ ਕੈਟਾਂ ਨੂੰ ਬੇਨਕਾਬ ਕਰਦੀ ਹੋਈ, ਸੰਘਰਸ਼ ਦੌਰਾਨ ਗੌਰਵਮਈ ਐਕਸ਼ਨਾਂ ਦੀ ਸਾਂਝ ਪਾਉਂਦੀ ਹੋਈ, ਸਿੱਖ ਬਜੁਰਗਾਂ ਦੇ ਅਦਿੱਖ ਯੋਗਦਾਨ ਨੂੰ ਰੂਪਮਾਨ ਕਰਦੀ ਹੋਈ




ਅਤੇ ਸਿੱਖ ਪਰਿਵਾਰਾਂ ਵਿੱਚ ਸਿੱਖ ਜੁਝਾਰੂਆਂ ਪ੍ਰਤੀ ਪਿਆਰ ਅਤੇ ਸਨੇਹ ਦੀ ਗਵਾਹੀ ਭਰਦੀ ਹੋਈ ਕਿਤਾਬ ਸੰਘਰਸ਼ ਦਾ ਦੌਰ ਦਾ ਦੂਸਰਾ ਅਡੀਸ਼ਨ ਸਿੱਖ ਸੰਗਤਾਂ ਦੇ ਪੜਨ ਵਾਸਤੇ ਉਪਲਬਧ ਹੋ ਚੁੱਕਾ ਹੈ। ਜਿਕਰਯੋਗ ਹੈ ਕਿ ਵੀਹਵੀਂ ਸਦੀ ਦੇ ਮਹਾਨ ਸ਼ਹੀਦ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਜਥੇਦਾਰ ਦਮਦਮੀ ਟਕਸਾਲ ਵੱਲੋਂ ਅਰੰਭੇ ਹੋਏ ਸਿੱਖ ਸੰਘਰਸ਼ ਬਾਰੇ ਅਤੇ ਸਿੱਖ ਸੰਘਰਸ਼ ਦੇ ਸ਼ਹੀਦਾਂ ਬਾਰੇ ਤਰਾਂ-ਤਰਾਂ ਦੇ ਭਰਮ ਭੁਲੇਖੇ ਪਾਏ ਜਾ ਰਹੇ ਹਨ। ਭਾਰਤ ਸਰਕਾਰ ਦੇ ਕਰਿੰਦੇ ਸਿੱਖ ਸ਼ਹੀਦਾਂ, ਸਿੱਖ ਜੁਝਾਰੂਆਂ ਅਤੇ ਸੰਘਰਸ਼ ਦੌਰਾਨ ਕੀਤੇ ਗਏ ਮਾਣਮੱਤੇ ਐਕਸ਼ਨਾਂ ਨੂੰ ਆਪਣੀ ਅਲੋਚਨਾ ਦਾ ਸ਼ਿਕਾਰ ਬਣਾ ਰਹੇ ਹਨ ਤਾਂ ਕਿ ਸਿੱਖ ਸੰਘਰਸ਼ ਨੂੰ ਬਦਨਾਮ ਕੀਤਾ ਜਾ ਸਕੇ। ਲੰਗੜੇ ਲੂਲੇ ਵੀ ਸਿੱਖ ਦੁਸ਼ਮਣ ਸਰਕਾਰਾਂ ਦੇ ਫੀਲੇ ਬਣਕੇ ਝੂਠੀਆਂ ਕਹਾਣੀਆਂ ਬਣਾ-ਬਣਾ ਕੇ ਆਪਣੇ ਕਮਰਿਆਂ ਵਿੱਚ ਬੈਠ ਕੇ ਸਿੱਖ ਸੰਘਰਸ਼, ਸਿੱਖ ਸ਼ਹੀਦਾਂ ਅਤੇ ਸ਼ਹੀਦਾਂ ਦੀ ਸੋਚ ਦੇ ਵਾਰਸ ਬਣਕੇ ਡੱਟ ਕੇ ਪਹਿਰਾ ਦੇ ਰਹੇ ਸਿੰਘਾਂ ਖਿਲਾਫ ਸੌ ਫੀਸਦੀ ਝੂਠ ਬੋਲ-ਬੋਲ ਸਿੱਖ ਦੁਸ਼ਮਣ ਲਾਬੀ ਨੂੰ ਖੁਸ਼ ਕਰ ਰਹੇ ਹਨ।ਸੰਘਰਸ਼ ਦਾ ਦੌਰ ਨਾਮੀ ਕਿਤਾਬ ਵਿੱਚ ਸਰਕਾਰ ਪੱਖੀ ਇਸ ਵਰਤਾਰੇ ਦਾ ਟਾਕਰਾ ਕਰਦਿਆਂ ਸਿੱਖ ਸੰਘਰਸ਼ ਦੇ ਪਾਕਿ ਪਵਿੱਤਰ ਅਕਸ ਨੂੰ ਸਹੀ ਅਰਥਾਂ ਵਿੱਚ ਬਿਆਨ ਕਰਨ ਦਾ ਯਤਨ ਕੀਤਾ ਗਿਆ ਹੈ। ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਵੱਲੋਂ ਲਿਖੀ ਗਈ ਅਤੇ ਪੀਘਾਂ ਸੋਚ ਦੀਆਂ ਸਾਹਿਤ ਮੰਚ ਦੀ ਪ੍ਰਧਾਨ ਬੀਬੀ ਰਸ਼ਿਪੰਦਰ ਕੌਰ ਗਿੱਲ ਵੱਲੋਂ ਸੰਪਾਦਤ ਕੀਤੀ ਗਈ ਕਿਤਾਬ ਸੰਘਰਸ਼ ਦਾ ਦੌਰ ਦਾ ਦੂਜਾ ਅਡੀਸ਼ਨ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸ. ਸਿਮਰਨਜੀਤ ਸਿੰਘ ਮਾਨ, ਸ.ਇਮਾਨ ਸਿੰਘ ਮਾਨ ਤੋਂ ਇਲਾਵਾ ਸ਼ਹੀਦ ਪਰਿਵਾਰਾਂ ਵੱਲੋਂ ਜਾਰੀ ਕੀਤਾ ਗਿਆ ਸੀ।ਇਸ ਕਿਤਾਬ ਵਿੱਚ ਲੇਖਕ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਨੇ ਸਿੱਖ ਸੰਘਰਸ਼ ਦੌਰਾਨ ਵਾਪਰੀਆਂ ਅਨੇਕਾਂ ਹੀ ਹੱਡ ਬੀਤੀਆਂ ਘਟਨਾਵਾਂ ਦਾ ਵਰਨਣ ਕਰਦਿਆਂ ਅਨੇਕਾਂ ਯਾਦਾਂ ਦੀ ਸਾਂਝ ਪਾਈ ਹੈ। ਸੰਘਰਸ਼ ਦੌਰਾਨ ਸਿੱਖ ਪਰਿਵਾਰਾਂ ਵਿੱਚ ਜੁਝਾਰੂਆਂ ਪ੍ਰਤੀ ਅਥਾਹ ਪਿਆਰ ਅਤੇ ਸਤਿਕਾਰ ਦਾ ਵਰਨਣ ਹੈ ਉੱਥੇ ਮਾਤਾਵਾਂ ਅਤੇ ਬਜੁਰਗਾਂ ਵੱਲੋਂ ਜੁਝਾਰੂਆਂ ਦੀ ਚੜਦੀ ਕਲਾ ਵਾਸਤੇ ਪਾਏ ਗਏ ਅਦਿੱਖ ਯੋਗਦਾਨ ਦੀ ਸਾਂਝ ਹੈ। ਲੇਖਕ ਦੇ ਹੱਡੀਂ ਹੰਢਾਏ ਅਤੇ ਅੱਖੀਂ ਵੇਖੇ ਸੰਘਰਸ਼ ਦੀ ਦਾਸਤਾਨ ਭਰਪੂਰ ਇਸ ਕਿਤਾਬ ਵਿੱਚ ਬਹੁਤ ਸਾਰੀਆਂ ਘਟਨਾਵਾਂ ਦਾ ਵਰਨਣ ਹੈ।

ਘੜੀਐ ਸਬਦੁ ਸਚੀ ਟਕਸਾਲ ॥

**ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥**

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਅੰਮ੍ਰਿਤ ਸੰਚਾਰ

## 27 ਦਸੰਬਰ 2025

**ਧੰਨ ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਪਰਿਵਾਰ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਹੋਵੇਗਾ**

ਸ਼ਨਿੱਚਰਵਾਰ 27 ਦਸੰਬਰ ਬਾਅਦ ਦੁਪਹਿਰ 2 ਵਜੇ ਅੰਮ੍ਰਿਤ ਦਾ ਬਾਟਾ ਤਿਆਰ ਹੋਵੇਗਾ।



ਕੱਕਾਰਾ ਦੀ ਸੇਵਾ ਗੁਰਦੁਆਰਾ ਸਾਹਿਬ ਜੀ ਵੱਲੋਂ ਭੇਟਾਂ ਰਹਿਤ ਦਿੱਤੇ ਜਾਣਗੇ।

ਅੰਮ੍ਰਿਤ ਛਕਣ ਵਾਲੀ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ 2 ਘੰਟੇ ਪਹਿਲਾਂ 12 ਵਜੇ ਪਹੁੰਚਣ ਦੀ ਕਿਰਪਾਲਤਾ ਕਰਨੀ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

**ਜਾਲਸਾਜ਼ੀ ਨਾਲ, ਧਮਕਾ ਕੇ, ਬਰਗਲਾ ਕੇ, ਇਮੋਸ਼ਨਲ ਬਲੈਕ ਮੇਲਿੰਗ ਕਰਕੇ, ਨਿਜ ਸਵਾਰਥ ਲਈ ਤਿਆਰ ਕੀਤੇ ਦਸਤਾਵੇਜ ਲਈ**

# ਸੱਤ ਸਾਲ ਤੱਕ ਦੀ ਸਜ਼ਾ ਦਾ ਪ੍ਰਾਵਧਾਨ

**ਨਵੀਂ ਦਿੱਲੀ, 17 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਕਾਨੂੰਨ ਦੇ ਸੈਕਸ਼ਨ 336 ਅਤੇ 61 ਮੁਤਾਬਕ ਕਿਸ ਤਰ੍ਹਾਂ ਦੇ ਹਾਲਾਤਾਂ ਵਿੱਚ ਹੋ ਸਕਦੀ ਹੈ ਕਾਰਵਾਈ ? ਇਸ ਮਸਲੇ ਤੇ ਛੋਟੀ ਜਿਹੀ ਉਦਾਹਰਨ ਦੇ ਕੇ ਇਸ ਸਾਰੀ ਗੱਲ ਨੂੰ ਸਮਝਣ ਦੀ ਕੋਸ਼ਿਸ਼ ਕਰਾਂਗੇ ।

ਉਦਾਹਰਨ ਦੇ ਤੌਰ ਤੇ ਮੰਨ ਲਓ ਕਿਸੇ ਬੈਂਕ ਦੇ ਮੈਨੇਜਰ ਨੂੰ ਚੈੱਕ ਕਰਨ ਲਈ ਆਰ ਬੀ ਆਈ ਦਾ ਉਪ ਪ੍ਰਧਾਨ ਛਾਪਾ ਮਾਰਦਾ ਹੈ । ਉਸ ਛਾਪੇਮਾਰੀ ਦੌਰਾਨ ਬੈਂਕ ਦਾ ਮੈਨੇਜਰ ਆਰ ਬੀ ਆਈ ਦੇ ਉਪ ਪ੍ਰਧਾਨ ਨੂੰ ਦਸਤਾਵੇਜ ਦਿਖਾਉਣ ਤੋਂ ਮੁਨਕਰ ਹੁੰਦਾ ਹੈ ।ਉਸ ਤੋਂ ਬਾਅਦ ਉਪ ਪ੍ਰਧਾਨ ਮੈਨੇਜਰ ਨੂੰ ਨੌਕਰੀ ਤੋਂ ਸਸਪੈਂਡ ਕਰਨ ਦੀ ਸਿਫਾਰਿਸ਼ ਕਰਦਾ ਹੈ ।



**☛ ਭਾਰਤੀ ਸੰਵਿਧਾਨ ਦੇ ਸੈਕਸ਼ਨ ਬੀਐਨਐਸ 336 ਮੁਤਾਬਕ ਦਰਜ ਹੋ ਸਕਦੀ ਹੈ ਐਫ ਆਈ ਆਰ ☛ ਇਸ ਅਪਰਾਧ ਦੇ ਵਿੱਚ ਸਹਿਯੋਗੀਆਂ ਤੇ ਵੀ ਐਨ ਐਸ ਦੇ ਸੈਕਸ਼ਨ 61 ਮੁਤਾਬਕ ਹੋ ਸਕਦੀ ਹੈ ਕਾਰਵਾਈ**

ਆਪਣੇ ਗੁਨਾਹ ਨੂੰ ਛਪਾਉਣ ਲਈ ਬੈਂਕ ਮੈਨੇਜਰ ਸਾਰੇ ਮੁਲਾਜ਼ਮਾਂ ਦੀ ਪ੍ਰਬੰਧ ਵਿੱਚ ਸੁਧਾਰ ਦੇ ਨਾਂ ਤੇ ਮੀਟਿੰਗ ਰੱਖਦਾ ਹੈ । ਵਟਸਐਪ ਦੇ ਗਰੁੱਪਾਂ ਦੇ ਵਿੱਚ ਸਪੈਸ਼ਲ ਨੋਟੀਫਿਕੇਸ਼ਨ ਜਾਰੀ ਕਰਕੇ ਕਿਹਾ ਜਾਂਦਾ ਹੈ ਕਿ ਉਦੋਂ ਤੱਕ ਹਾਜ਼ਰੀ ਨਹੀਂ ਲੱਗੇਗੀ ਜਦੋਂ ਤੱਕ ਮੀਟਿੰਗ ਨਹੀਂ ਹੋ ਜਾਂਦੀ ।

ਮੀਟਿੰਗ ਦੀ ਸ਼ੁਰੂਆਤ ਬੈਂਕ ਦੇ ਸੀਨੀਅਰ ਮੁਲਾਜ਼ਮ ਸ਼ੁਰੂ ਕਰਦੇ ਨੇ ।ਸ਼ੁਰੂਆਤ ਵਿੱਚ ਪ੍ਰਬੰਧਾਂ ਬਾਰੇ ਲਲੇ ਭਬੇ ਮਾਰੇ ਜਾਂਦੇ ਨੇ । ਉਸ ਤੋਂ ਬਾਅਦ ਮੈਨੇਜਰ ਦੇ ਨਜਦੀਕੀ ਉੱਪਰ ਵਰਤੇ ਸਾਰੇ ਵਰਤਾਰੇ ਨੂੰ ਆਪਣੇ ਮੁਤਾਬਕ ਮੁਲਾਜ਼ਮਾਂ ਨੂੰ ਦੱਸਦੇ ਨੇ । ਪਹਿਲਾਂ ਘੜੀ ਰਣਨੀਤੀ ਦੇ ਮੁਤਾਬਿਕ ਮੈਨੇਜਰ ਆਪਣੇ ਹੱਕ ਦੇ ਵਿੱਚ ਦਸਤਾਵੇਜ ਤਿਆਰ ਕਰਨ ਦਾ ਪ੍ਰੋਸੈਸ ਸ਼ੁਰੂ ਕਰਦਾ ਹੈ ।ਪਹਿਲਾਂ ਤੋਂ ਹੀ ਤਿਆਰ ਕੀਤੇ ਇੱਕ ਪੱਤਰ ਜਿਸ ਦੇ ਉੱਪਰ ਸਭ ਤੋਂ ਪਹਿਲਾਂ ਸਭ ਤੋਂ ਵੱਡਾ ਚਮਚਾ ਬੇਰੜਾਬੀਜ ਦਸਤਖਤ ਕਰਦਾ ਹੈ ।ਫੇਰ ਸ਼ੁਰੂ ਹੁੰਦਾ ਹੈ ਹੈ ਅਸਲ ਅਪਰਾਧ । ਬੇਰੜਾਬੀਜ ਇੱਕ ਰਜਿਸਟਰ ਤੇ ਪੱਤਰ ਰੱਖ ਕੇ, ਹੱਥ ਚ ਪੈਨ ਫੜ ਕੇ, ਸਾਹਮਣੇ ਵਾਲੇ ਮੁਲਾਜ਼ਿਮ ਦੀ ਮਾਨਸਿਕਤਾ ਦੇ ਮੁਤਾਬਕ ਜਾਲਸਾਜ਼ੀ ਨਾਲ, ਧਮਕਾ ਕੇ, ਵਰਗਲਾ ਕੇ ਇਮੋਸ਼ਨਲ ਬਲੈਕਮੇਲ ਕਰਕੇ, ਜਿਸ ਤਰੀਕੇ ਨਾਲ ਕੋਈ ਦਸਤਖਤ ਕਰਨ ਲਈ ਤਿਆਰ ਹੋ ਜਾਵੇ, ਉਕਤ ਪੱਤਰ ਉਪਰ ਸਾਰੇ ਮੁਲਾਜ਼ਮਾਂ ਦੇ ਦਸਤਖਤ ਕਰਵਾਉਣੇ ਸ਼ੁਰੂ ਕਰਦਾ ਹੈ । ਜਿਸ ਪੱਤਰ ਵਿੱਚ ਸਭ ਤੋਂ ਵੱਡੀ ਮੰਗ ਲਿਖੀ ਹੋਈ ਹੈ ਕਿ ਆਰ ਬੀ ਆਈ ਦੇ ਉਪ ਪ੍ਰਧਾਨ ਨੂੰ ਬਰਖਾਸਤ ਕੀਤਾ ਜਾਵੇ । ਜਿਸ ਉਪ ਪ੍ਰਧਾਨ ਨੇ ਮੈਨੇਜਰ ਤੋਂ ਦਸਤਾਵੇਜ ਦੀ ਮੰਗ ਕੀਤੀ ਸੀ ।

ਸਾਰੇ ਕਾਨੂੰਨੀ ਅਪਰਾਧ ਦੇ ਵਿੱਚ ਬੇਰੜਾਬੀਜ ਜ਼ਿਆਦਾਤਰ ਮੁਲਾਜ਼ਮਾਂ ਦੇ ਦਸਤਖਤ ਕਰਵਾਉਣ ਵਿੱਚ ਇਸ ਲੇਖ ਦੇ ਉੱਪਰ ਲਿਖੇ ਹੈਡਲਾਈਨ ਮੁਤਾਬਿਕ ਚਲਾਕੀ ਨੂੰ ਵਰਤ ਕੇ ਆਪਣੇ ਮਨਸੂਬਿਆਂ ਦੇ ਵਿੱਚ ਕਾਮਯਾਬ ਹੋ ਜਾਂਦਾ ਹੈ । ਜਿਆਦਾਤਰ ਮੁਲਾਜ਼ਮਾਂ ਨੂੰ ਇਸ ਗੱਲ ਦਾ ਪਤਾ ਹੀ ਨਹੀਂ ਲੱਗਦਾ ਕਿ ਕਦੋਂ ਉਹ ਆਜੜੀ ਦੀਆਂ ਭੇਡਾਂ ਵਾਂਗੂੰ ਵਰਤੇ ਗਏ ।

ਇਸ ਤਰ੍ਹਾਂ ਦੇ ਹਾਲਾਤਾਂ ਵਿੱਚ ਉਕਤ ਮੈਨੇਜਰ ਅਤੇ ਦਸਤਖਤ ਕਰਾਉਣ ਵਾਲੇ ਬੇਲੜਾਬੀਜ ਦੇ ਖਿਲਾਫ ਭਾਰਤੀ ਸੰਵਿਧਾਨ ਦੇ ਸੈਕਸ਼ਨ ਬੀ ਐਨ ਐਸ 336 ਅਤੇ ਬੀ ਐਨ ਐਸ ਦੇ 61 ਮੁਤਾਬਕ ਐਫ ਆਈ ਆਰ ਦਰਜ ਕੀਤੀ ਜਾ ਸਕਦੀ ਹੈ । ਜਿਸ ਵਿੱਚ ਸਿਰਫ ਉਪ ਪ੍ਰਧਾਨ ਨੂੰ ਬਰਗਲਾ ਕੇ ਸਾਈਨ ਦਸਤਖਤ ਕਰਵਾਏ ਇੱਕ ਮੁਲਾਜ਼ਮ ਦੇ ਬਿਆਨ ਚਾਹੀਦੇ ਹਨ । ਭਾਰਤੀ ਸੈਕਸ਼ਨ ਦੀਆਂ ਉਕਤ ਦੋਵੇ ਧਰਾਵਾਂ ਦੇ ਵਿੱਚ ਸੱਤ ਸਾਲ ਤੱਕ ਦੀ ਸਜ਼ਾ ਦਾ ਪ੍ਰਾਵਧਾਨ ਹੈ ।

**ਰਣਜੋਧ ਸਿੰਘ ਕਾਂਝਲਾ ਕਾਂਝਲਾ ਜ਼ੋਨ ਤੋਂ**

# ਵੱਡੇ ਮਾਰਜਨ ਨਾਲ ਰਹੇ ਜੇਤੂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਪਿੰਡ ਕਾਂਝਲਾ ਹਸਨਪੁਰ ਜੋਨ ਤੋਂ ਆਪ ਦੇ ਉਮੀਦਵਾਰ ਰਣਯੋਧ ਸਿੰਘ ਕਾਂਝਲਾ 820 ਵੋਟਾਂ ਦੀ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕੀਤੀ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਰਣਜੋਧ ਸਿੰਘ ਕਾਂਝਲਾ ਨੇ ਕਿਹਾ ਕਿ ਉਹ ਕਾਂਝਲਾ ਹਸਨਪੁਰ ਜੋਨ ਦੇ ਵਲੰਟੀਅਰਾਂ, ਅਹੁਦੇਦਾਰਾਂ, ਨਗਰ ਨਿਵਾਸੀਆਂ ਦਾ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦੇ ਹਨ ਜਿਨ੍ਹਾਂ ਨੇ ਮੇਰੇ ਤੇ ਵਿਸ਼ਵਾਸ ਪ੍ਰਗਟ ਕਰਕੇ ਮੈਨੂੰ ਸੇਵਾ ਕਰਨ ਦਾ ਮੌਕਾ ਦਿੱਤਾ ਹੈ ਅਤੇ ਸਭ ਤੋਂ ਵੱਧ ਵਿਸ਼ੇਸ਼ ਧੰਨਵਾਦ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਓਐਸਡੀ ਸੁਖਬੀਰ ਸਿੰਘ ਸੁੱਖੀ, ਦਲਵੀਰ ਸਿੰਘ ਢਿੱਲੋ ਅਤੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਦਾ ਕਰਦੇ ਹਾਂ ਜਿਨਾਂ ਨੇ ਮੇਰੀ ਚੋਣ ਕੰਪੇਨ ਨੂੰ ਆਪਣੀ ਸਮਝਦਿਆਂ ਮੇਰੇ ਸਿਰ ’ਤੇ ਹੱਥ ਰੱਖਿਆ ਹੈ। ਇਸ ਮੌਕੇ ਪਰਮਜੀਤ ਸਿੰਘ ਕਾਂਝਲਾ ਅਤੇ ਪਿੰਡ ਹਸਨਪੁਰ ਅਤੇ ਕਾਂਝਲਾ ਦੇ ਆਗੂ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

**ਬਾਲੀਆਂ ਜ਼ੋਨ ਤੋਂ ਹਰਜਿੰਦਰ ਸਿੰਘ**

# ਕਾਂਝਲਾ ਵੱਡੇ ਮਾਰਜਨ ਨਾਲ ਜੇਤੂ, ਓਐਸਡੀ ਸੁੱਖੀ ਨੇ ਕੀਤਾ ਸਨਮਾਨ

**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਪਿੰਡ ਬਾਲੀਆਂ ਜੋਨ ਤੋਂ ਆਪ ਦੇ ਉਮੀਦਵਾਰ ਹਰਜਿੰਦਰ ਸਿੰਘ ਕਾਂਝਲਾ ਵੋਟਾਂ ਦੀ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕੀਤੀ। ਜਿੱਤ ਦੀ ਖੁਸ਼ੀ ਦਾ ਇਜਹਾਰ ਕਰਦਿਆਂ ਓਐਸਡੀ ਸੁਖਵੀਰ ਸਿੰਘ ਸੁੱਖੀ ਨੇ ਹਰਜਿੰਦਰ ਸਿੰਘ ਕਾਂਝਲਾ ਨੂੰ ਵੱਡੇ ਮਾਰਜਨ ਨਾਲ ਜਿੱਤਣ ਤੇ ਵਿਸ਼ਸ ਸਨਮਾਨ ਕੀਤਾ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਾਂਝਲਾ ਨੇ ਕਿਹਾ ਕਿ ਉਹ ਮੀਮਸਾਂ ਜੋਨ ਦੇ ਵਲੰਟੀਅਰਾਂ, ਅਹੁਦੇਦਾਰਾਂ, ਨਗਰ ਨਿਵਾਸੀਆਂ ਦਾ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦੇ ਹਨ ਜਿਨ੍ਹਾਂ ਨੇ ਮੇਰੇ ਤੇ ਵਿਸ਼ਵਾਸ ਪ੍ਰਗਟ ਕਰਕੇ ਮੈਨੂੰ ਸੇਵਾ ਕਰਨ ਦਾ ਮੌਕਾ ਦਿੱਤਾ ਹੈ ।ਇਸ ਮੌਕੇ ਦਲਵੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ, ਰਾਜਵੰਤ ਸਿੰਘ ਘੁੱਲੀ ਦਫ਼ਤਰ ਇੰਚਾਰਜ ਮੁੱਖ ਮੰਤਰੀ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਜਸਵੀਰ ਸਿੰਘ ਜੱਸੀ ਸੇਖੋਂ, ਕੁਲਵਿੰਦਰ ਸਿੰਘ ਸਿੱਧੂ, ਪਰਮਜੀਤ ਸਿੰਘ ਕਾਂਝਲਾ, ਸਰਪੰਚ ਸਿਮਰਨਜੀਤ ਸਿੰਘ ਬਟੂਹਾਂ, ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ, ਸਰਪੰਚ ਦਲਵੀਰ ਸਿੰਘ ਧੰਦੀਵਾਲ, ਸਰਪੰਚ ਹਰਜੀਤ ਸਿੰਘ ਬੁਗਰਾ, ਸਰਪੰਚ ਮਨਪ੍ਰੀਤ ਸਿੰਘ ਰਾਜੋਮਾਜਰਾ, ਹਾਜ਼ਰ ਸਨ।



# ਜ਼ਿਲਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਵਿੱਚ ਘੱਟ ਪ੍ਰਤੀਸ਼ਤ ਵੋਟਰਾਂ ਦਾ ਭੁਗਤਣਾਂ ਲੋਕਤੰਤਰ ਦੀ ਹਾਰ : ਬਾਪੂ ਤਰਸੇਮ ਸਿੰਘ

**ਅੰਮ੍ਰਿਤਸਰ, 17 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਮੁੱਖ ਸੇਵਾਦਾਰ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੇ ਪਿਤਾ ਤਰਸੇਮ ਸਿੰਘ ਜੀ ਨੇ ਕਿਹਾ ਕਿ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਦੌਰਾਨ ਮੌਜੂਦਾ ਪੰਜਾਬ ਸਰਕਾਰ ਵੱਲੋਂ ਸ਼ਰੇਆਮ ਧੱਕੇਸ਼ਾਹੀ ਅਤੇ ਸਰਕਾਰੀ ਮਸ਼ੀਨਰੀ ਦੇ ਦੁਰਉਪਯੋਗ ਨੇ ਲੋਕਤੰਤਰ ਦੀਆਂ ਜੜ੍ਹਾਂ ਨੂੰ ਹਿਲਾ ਕੇ ਰੱਖ ਦਿੱਤਾ ਹੈ। ਉਨ੍ਹਾਂ ਕਿਹਾ ਕਿ ਰਿਵਾਇਤੀ ਪਾਰਟੀਆਂ ਵੱਲੋਂ ਪੈਸੇ, ਡਰ ਅਤੇ ਦਬਾਅ ਵਰਗੇ ਹੱਥਕੰਡਿਆਂ ਨਾਲ ਚੋਣ ਪ੍ਰਕਿਰਿਆ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਕੀਤੀ ਗਈ। ਇਸਦੇ ਬਾਵਜੂਦ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਕਈ ਥਾਂਵਾਂ ਤੇ ਹਮਾਇਤ ਪ੍ਰਾਪਤ ਅਜ਼ਾਦ ਉਮੀਦਵਾਰਾਂ ਦੀ ਜਿੱਤ ਇਹ ਸਾਬਤ ਕਰਦੀ ਹੈ ਕਿ ਲੋਕ ਅਜੇ ਵੀ ਸੱਚ, ਇਮਾਨਦਾਰੀ ਅਤੇ ਪੰਥਕ ਸੋਚ ਨਾਲ ਖੜੇ ਹਨ। ਉਨ੍ਹਾਂ ਕਿਹਾ ਕਿ ਇਹ ਨਤੀਜੇ ਕਿਸੇ ਇੱਕ ਪਾਰਟੀ ਦੀ ਜਿੱਤ ਨਹੀਂ, ਸਗੋਂ ਲੋਕਤੰਤਰ ਦੀ ਹਾਰ ਹਨ, ਜਿਸਦਾ ਸਭ ਤੋਂ ਵੱਡਾ ਸਬੂਤ ਘੱਟ ਵੋਟਿੰਗ ਪ੍ਰਤੀਸ਼ਤ ਹੈ। ਲੋਕਾਂ ਦਾ ਚੋਣ ਪ੍ਰਕਿਰਿਆ ਤੋਂ ਮੋਹ ਭੰਗ ਹੋਣਾ ਸਿਸਟਮ ਲਈ ਗੰਭੀਰ ਚੇਤਾਵਨੀ ਹੈ।



# ਭਾਈ ਸ਼ਮਸ਼ੇਰ ਸਿੰਘ ਪੱਧਰੀ ਨੂੰ ਸਟੇਟ ਮੀਡੀਆ ਇੰਚਾਰਜ ਨਿਯੁਕਤ ਕਰਨ ਤੇ ਪਾਰਟੀ ਹਾਈਕਮਾਂਡ ਦਾ ਧੰਨਵਾਦ : ਭਾਈ ਸੁਖਬੀਰ ਸਿੰਘ ਚੀਮਾਂ

**ਅੰਮ੍ਰਿਤਸਰ, 17 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੂੰ ਸਟੇਟ ਮੀਡੀਆ ਇੰਚਾਰਜ ਦੀ ਮਹੱਤਵਪੂਰਨ ਜ਼ਿੰਮੇਵਾਰੀ ਸੌਂਪੇ ਜਾਣ ‘ਤੇ ਪਾਰਟੀ ਦੇ ਸਰਗਰਮ ਵਰਕਰ ਭਾਈ ਸੁਖਬੀਰ ਸਿੰਘ ਚੀਮਾਂ ਨੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ, ਬਾਪੂ ਤਰਸੇਮ ਸਿੰਘ ਜੀ ਅਤੇ ਪਾਰਟੀ ਦੀ ਸਮੁੱਚੀ ਸੀਨੀਅਰ ਲੀਡਰਸ਼ਿਪ ਦਾ ਦਿਲੋਂ ਧੰਨਵਾਦ ਕੀਤਾ। ਭਾਈ ਸੁਖਬੀਰ ਸਿੰਘ ਚੀਮਾਂ ਨੇ ਕਿਹਾ ਕਿ ਭਾਈ ਸ਼ਮਸ਼ੇਰ ਸਿੰਘ ਪੱਧਰੀ ਇੱਕ ਪੰਥਕ ਸੋਚ, ਸਾਫ਼ ਨੀਅਤ ਅਤੇ ਸੰਘਰਸ਼ੀਲ ਰੁਝਾਨ ਵਾਲੇ ਸਮਰਪਿਤ ਕਾਰਕੁਨ ਹਨ, ਜਿਨ੍ਹਾਂ ਕੋਲ ਮੀਡੀਆ ਦੇ ਮਾਧਿਅਮ ਰਾਹੀਂ ਪਾਰਟੀ ਦੀ ਆਵਾਜ਼ ਨੂੰ ਸੱਚਾਈ, ਦਲੇਰਾਨਾ ਅਤੇ ਜ਼ਿੰਮੇਵਾਰ ਢੰਗ ਨਾਲ ਲੋਕਾਂ ਤੱਕ ਪਹੁੰਚਾਉਣ ਦੀ ਪੂਰੀ ਸਮਰੱਥਾ ਹੈ। ਇਹ ਨਿਯੁਕਤੀ ਪਾਰਟੀ ਦੀ ਮੀਡੀਆ ਅਤੇ ਪ੍ਰਚਾਰਕ ਰਣਨੀਤੀ ਨੂੰ ਨਵੀਂ ਉਚਾਈ ਤੇ ਲੈਕੇ ਜਾਵੇਗੀ। ਉਨ੍ਹਾਂ ਅੱਗੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਹਮੇਸ਼ਾਂ ਯੋਗਤਾ, ਸਮਰਪਣ ਅਤੇ ਸੰਘਰਸ਼ ਦੇ ਆਧਾਰ ‘ਤੇ ਵਰਕਰਾਂ ਨੂੰ ਜ਼ਿੰਮੇਵਾਰੀਆਂ ਸੌਂਪਦਾ ਆਇਆ ਹੈ। ਭਾਈ ਸ਼ਮਸ਼ੇਰ ਸਿੰਘ ਪੱਧਰੀ ਉੱਤੇ ਦਿਖਾਇਆ ਗਿਆ ਭਰੋਸਾ ਇਸ ਗੱਲ ਦਾ ਸਪਸ਼ਟ ਸਬੂਤ ਹੈ ਕਿ ਪਾਰਟੀ ਨੌਜਵਾਨ ਅਤੇ ਸੰਘਰਸ਼ੀਲ ਲੀਡਰਸ਼ਿਪ ਨੂੰ ਅੱਗੇ ਲਿਆ ਕੇ ਪੰਥ ਅਤੇ ਪੰਜਾਬ ਦੇ ਮੁੱਦਿਆਂ ਨੂੰ ਹੋਰ ਮਜ਼ਬੂਤੀ ਨਾਲ ਉਭਾਰਨਾ ਚਾਹੁੰਦੀ ਹੈ। ਭਾਈ ਸੁਖਬੀਰ ਸਿੰਘ ਚੀਮਾਂ ਨੇ ਅੰਤ ਵਿੱਚ ਕਿਹਾ ਕਿ ਉਹ ਹਰ ਤਰ੍ਹਾਂ ਨਾਲ ਅਕਾਲੀ ਦਲ ਵਾਰਿਸ ਪੰਜਾਬ ਦੇ ਅਤੇ ਭਾਈ ਸ਼ਮਸ਼ੇਰ ਸਿੰਘ ਪੱਧਰੀ ਜੀ ਦੇ ਨਾਲ ਮੋਢੇ ਨਾਲ ਮੋਢਾ ਲਾਕੇ ਖੜੇ ਹਨ ਅਤੇ ਪਾਰਟੀ ਦੇ ਮਿਸ਼ਨ, ਨੀਤੀ ਅਤੇ ਲੋਕ-ਹਿੱਤ ਦੇ ਸੰਘਰਸ਼ ਨੂੰ ਅੱਗੇ ਵਧਾਉਣ ਲਈ ਪੂਰਾ ਸਹਿਯੋਗ ਦਿੰਦੇ ਰਹਿਣਗੇ।



# ਲਗਾਤਾਰ ਵੱਧ ਰਹੇ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲੇ—ਭਾਈ ਲਖਬੀਰ ਸਿੰਘ ਮਹਾਲਮ



ਫ਼ਿਰੋਜ਼ਪੁਰ, 17 ਦਸੰਬਰ (ਮਨੋਹਰ ਲਾਲ) :— ਭਾਈ ਲਖਬੀਰ ਸਿੰਘ ਮਹਾਲਮ (ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਪੰਜਾਬ ਪ੍ਰਧਾਨ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲੇ ਲਗਾਤਾਰ ਵੱਧ ਰਹੇ ਹਨ। ਉਨ੍ਹਾਂ ਦੱਸਿਆ ਕਿ ਮਿਤੀ 13 ਦਸੰਬਰ 2025 ਨੂੰ ਪਿੰਡ ਜੀਵਾਂ ਅਰਾਈ ਥਾਣਾ ਗੁਰੂਹਰਸਹਾਏ ਵਿਚ ਇਕ ਸ਼ਰਾਰਤੀ ਅਨਸਰ ਲਲਿਤ ਕੁਮਾਰ ਪੁੱਤਰ ਰਾਕੇਸ਼ ਕੁਮਾਰ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕੀਤੀ ਗਈ। ਉਨ੍ਹਾਂ ਕਿਹਾ ਕਿ ਦੋਸ਼ੀ ਗੁਰੂ ਘਰ ਅੰਦਰ ਦਾਖਲ ਹੋਇਆ, ਜਿਸ ਨੇ ਸ਼ਰਾਬ ਪੀਤੀ ਹੋਈ ਸੀ, ਕਾਹਲੀ ਨਾਲ ਜਾ ਕੇ ਗੁਰੂ ਸਾਹਿਬ ਦੇ ਬਸਤਰਾਂ ਨੂੰ ਖਿੱਚ ਲਿਆ, ਜਦ ਕਿ ਮੌਕੇ ਤੇ ਗ੍ਰੰਥੀ ਸਿੰਘ ਨੇ ਦੇਖ ਲਿਆ ਅਤੇ ਉਸ ਨੂੰ ਜੱਫਾ ਭਰ ਲਿਆ ਅਤੇ ਹੋਰ ਸੰਗਤਾਂ ਦੀ ਮੱਦਦ ਨਾਲ ਉਸ ਨੂੰ ਪਕੜ ਲਿਆ। ਗੱਲਬਾਤ ਕਰਦਿਆਂ ਲਖਬੀਰ ਸਿੰਘ ਮਹਾਲਮ ਨੇ ਕਿਹਾ ਕਿ ਪਿੰਡ ਵਾਲਿਆਂ ਵੱਲੋਂ ਪੁਛਗਿਛ ਦੌਰਾਨ ਉਕਤ ਦੋਸ਼ੀ ਨੇ ਕਿਹਾ ਕਿ ਇਹ ਬੇਅਦਬੀ ਉਹ ਉਸੇ ਪਿੰਡ ਦੇ ਰਹਿਣ ਵਾਲੇ ਹਰਮੀਤ ਸਿੰਘ ਉਰਫ ਮੀਤੂ ਪੁੱਤਰ ਦਲੀਪ ਸਿੰਘ ਸੋਨੂੰ ਅਤੇ ਕੁਲਦੀਪ ਪੁੱਤਰਾਨ ਸਤਿਨਾਮ ਸਿੰਘ ਦੇ ਕਹਿਣ ਤੇ ਕੀਤੀ ਹੈ। ਉਸ ਤੋਂ ਬਾਅਦ ਵਿਚ ਪਿੰਡ ਵਾਲਿਆਂ ਨੇ ਉਕਤ ਦੋਸ਼ੀ ਨੂੰ ਪੁਲਿਸ ਹਵਾਲੇ ਕਰ ਦਿੱਤਾ, ਪਰ ਦੂਸਰੇ ਤਿੰਨੇ ਦੋਸ਼ੀ ਘਰ ਵਿਚੋਂ ਫਰਾਰ ਹੋ ਗਏ। ਭਾਈ ਲਖਮੀਰ ਸਿੰਘ ਨੇ ਦੱਸਿਆ ਕਿ ਜਦੋਂ ਅਸੀਂ ਸਮੇਤ ਜਥੇਬੰਦੀ ਅਗਲੇ ਦਿਨ ਉਥੇ ਪਿੰਡ ਜੀਵਾਂ ਅਰਾਈ ਪਹੁੰਚੇ ਤਾਂ ਪਿੰਡ ਦੇ ਮੋਹਤਬਰ ਬੰਦੇ ਅਤੇ ਸੰਗਤਾਂ ਦਾ ਇਕੱਠ ਕੀਤਾ। ਮੌਕੇ ਤੇ ਪੰਜਾਬ ਪੁਲਿਸ ਦੇ ਅਧਿਕਾਰ ਡੀ.ਐਸ.ਪੀ ਸਾਹਿਬ, ਐਸ.ਐਚ.ਓ ਸਾਹਿਬ ਵੀ ਪਹੁੰਚੇ ਗਏ, ਇਕ ਸੂਹ ਮਿਲਣ ਤੇ ਸਾਡੀ ਜਥੇਬੰਦੀ, ਪਿੰਡ ਵਾਲੀਆਂ ਦੇ ਸਹਿਯੋਗ ਨਾਲ ਉਨ੍ਹਾਂ ਤਿੰਨਾਂ ਦੋਸ਼ੀਆਂ ਨੂੰ ਗ੍ਰਿਫਤਾਰ ਕਰ ਲਿਆ ਗਿਆ। ਇਸ ਮੌਕੇ ਬੋਲਦਿਆਂ ਸੰਤੋਖ ਸਿੰਘ ਜ਼ਿਲ੍ਹਾ ਪ੍ਰਧਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਬੇਅਦਬੀ ਦੀ ਸਜਾ ਵਧਾ ਕੇ ਉਮਰ ਕੈਦ ਜਾਂ ਫਾਂਸੀ ਹੋਣੀ ਚਾਹੀਦੀ ਹੈ ਤਾਂ ਹੀ ਬੇਅਦਬੀਆਂ ਨੂੰ ਠੱਲ ਪੈ ਸਕਦੀ ਹੈ। ਇਸ ਮੌਕੇ ਗੁਰਚਰਨ ਸਿੰਘ ਗੱਟੀ, ਲਾਡੀ ਬੱਬਰ, ਭਗਵਾਨ ਸਿੰਘ ਮਹਾਲਮ, ਸੁਖਦੇਵ ਸਿੰਘ ਸਰਪੰਚ, ਸੰਤੋਖ ਸਿੰਘ ਬੱਗੇ ਕੇ ਪਿੱਪਲ, ਉਡੀਕ ਸਿੰਘ ਸਰਪੰਚ ਜੀਵਾਂ ਅਰਾਈ, ਗ੍ਰੰਥੀ ਜਸਵੰਤ ਸਿੰਘ, ਹਰਪ੍ਰੀਤ ਸਿੰਘ, ਜਸਵੰਤ ਸਿੰਘ, ਜ਼ਸਵਿੰਦਰ ਸਿੰਘ, ਇਕਬਾਲ ਸਿੰਘ ਅਤੇ ਹੋਰ ਵੱਡੀ ਗਿਣਤੀ ਸੰਗਤਾਂ ਹਾਜ਼ਰ ਸੀ।

### ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਵਿਖੇ

# ਸਾਲਾਨਾ ਪੰਜ ਰੋਜ਼ਾ ਖੇਡ ਸਮਾਗਮ ਦੀ ਧੂਮਧਾਮ ਨਾਲ ਹੋਈ ਸਮਾਪਤੀ

## 115 ਖੇਡ ਪ੍ਰਤੀਯੋਗੀਤਾਵਾਂ ਵਿੱਚ 1800 ਵਿਦਿਆਰਥੀਆਂ ਨੇ ਲਿਆ ਭਾਗ


















**ਚੌਕ ਮਹਿਤਾ, 17 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਵਿਖੇ ਖੇਡ ਸਮਾਗਮ ਅਤੇ ਇਨਾਮ ਵੰਡ ਸਮਾਰੋਹ ਦਾ ਆਖਰੀ ਦਿਨ ਦਾ ਆਗਾਜ਼ ਦਸ਼ਮੇਸ਼ ਹੈਰੀਟੇਜ ਪਬਲਿਕ ਸਕੂਲ ਦੇ ਵਿਦਿਆਰਥੀਆਂ ਵੱਲੋਂ 350 ਸਾਲਾਂ ਰੂਪ ਦੇ ਵਿੱਚ ਬੈਠ ਕੇ ਸ਼ਬਦ ਗਾਇਣ ਕਰਕੇ ਕੀਤਾ ਗਿਆ। ਵਿਦਿਆਰਥੀਆਂ ਨੇ ਇਹਨਾਂ ਖੇਡ ਸਮਾਗਮਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ ਅਤੇ ਆਪਣੀ ਪ੍ਰਤਿਭਾ ਦੇ ਜੌਹਰ ਦਿਖਾਏ। ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਵਿਖੇ ਇਸ ਆਖਰੀ ਦਿਨ ਦੇ ਖੇਡ ਸਮਾਰੋਹ ਵਿੱਚ ਸ਼੍ਰੀ ਆਦਿਤਯ ਵਾਰੀਅਰ ਐਸ.ਪੀ ਇਨਵੈਸਟੀਗੇਸ਼ਨ ਅੰਮ੍ਰਿਤਸਰ ਰੂਲਰ , ਭਾਰਤੀ ਸੈਨਾ ਦੇ ਮੇਜਰ ਸੈਫੂਰ ਰਹਿਮਾਨ ਐਸ.ਕੇ ਅਤੇ ਸ: ਸੁਰਜੀਤ ਸਿੰਘ ਕੰਗ ਚੇਅਰਮੈਨ ਮਾਰਕੀਟ ਕਮੇਟੀ ਰਈਆ ਪ੍ਰਧਾਨ ਨਗਰ ਕੌਂਸਲ ਬਾਬਾ ਬਕਾਲਾ ਨੇ ਮੁੱਖ ਮਹਿਮਾਨ ਵਜੋਂ ਹਾਜਰੀ ਭਰੀ। ਇਹਨਾਂ ਖੇਡ ਸਮਾਗਮਾਂ ਵਿੱਚ ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਅਤੇ ਦਸ਼ਮੇਸ਼ ਹੈਰੀਟੇਜ ਪਬਲਿਕ ਸਕੂਲ ਵਿਖੇ ਚੱਲ ਰਹੇ ਹਾਊਸਾਂ ਵਿੱਚ ਮੁਕਾਬਲੇ ਕਰਵਾਏ ਗਏ। ਇਸ ਵਿੱਚ ਦੋਨਾਂ ਸਕੂਲਾਂ ਦੇ ਨਰਸਰੀ ਜਮਾਤ ਤੋਂ ਲੈ ਕੇ ਬਾਰਵੀਂ ਜਮਾਤ ਤੱਕ ਦੇ ਬੱਚਿਆਂ ਨੇ ਅਲੱਗ ਅਲੱਗ ਖੇਡ ਮੁਕਾਬਲਿਆਂ ਵਿੱਚ ਭਾਗ ਲਿਆ। ਜਿਸ ਵਿੱਚ 100 ਮੀਟਰ ਦੌੜ, 200 ਮੀਟਰ ਦੌੜ, 400 ਮੀਟਰ ਦੌੜ ,800 ਮੀਟਰ ਦੌੜ, ਰਿਲੇਅ ਦੌੜ, ਰੱਸਾਕੱਸੀ ਮੁਕਾਬਲੇ ਕਰਵਾਏ ਗਏ। ਇਸ ਤੋਂ ਇਲਾਵਾ ਵਿਦਿਆਰਥੀਆਂ ਵਲੋਂ ਦਸ਼ਮੇਸ਼ ਪਿਤਾ ਧੰਨ ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ , ਚਾਰ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰ ਕੌਰ ਜੀ ਦੀ ਸ਼ਹਾਦਤ ਨੂੰ ਸਮਰਪਿਤ ਕੋਰਿਓਗ੍ਰਾਫੀਆਂ ਦੀ ਪੇਸ਼ਕਾਰੀ ਵੀ ਕੀਤੀ। ਸ: ਅਮਨ ਪਾਲ ਸਿੰਘ ਜੀ ਅਤੇ ਪ੍ਰਿੰ: ਮਨਜੀਤ ਕੌਰ ਪੱਡਾ ਜੀ ਵੱਲੋਂ ਕੋਰੀਓਗ੍ਰਾਫੀ ਦੀ ਬਤੌਰ ਜੱਜ ਡਿਊਟੀ ਨਿਭਾਈ ਗਈ ਜੋ ਕਿ ਬੇਹੱਦ ਸਲਾਹੁਣਯੋਗ ਸੀ। ਅੱਜ ਦੇ ਖੇਡ ਸਮਾਗਮ ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿੱਚ ਓਵਰਆਲ ਟਰਾਫ਼ੀ ਕ੍ਰਮਵਾਰ ਪਹਿਲਾ ਸਥਾਨ ਬਿਆਸ ਹਾਊਸ, ਦੂਸਰਾ ਸਥਾਨ ਰਾਵੀ ਹਾਊਸ ਅਤੇ ਤੀਸਰਾ ਸਥਾਨ ਸਤਲੁਜ ਹਾਊਸ ਨੇ ਹਾਸਿਲ ਕੀਤਾ। ਇਵੇਂ ਹੀ ਦਸ਼ਮੇਸ਼ ਹੈਰੀਟੇਜ ਪਬਲਿਕ ਸਕੂਲ ਵਿੱਚ ਓਵਰਆਲ ਟਰਾਫੀ ਕ੍ਰਮਵਾਰ ਪਹਿਲਾ ਸਥਾਨ ਪੈਸੇਫਿਕ ਹਾਊਸ, ਦੂਸਰਾ ਸਥਾਨ ਐਟਲਾਂਟਿਕ ਹਾਊਸ ਅਤੇ ਤੀਸਰਾ ਸਥਾਨ ਇੰਡੀਅਨ ਹਾਊਸ ਨੇ ਹਾਸਿਲ ਕੀਤਾ।ਸ਼੍ਰੀ ਆਦਿਤਯ ਵਾਰੀਅਰ ਐਸ.ਪੀ ਇਨਵੈਸਟੀਗੇਸ਼ਨ ਅੰਮ੍ਰਿਤਸਰ ਰੂਲਰ ਜੀ ਨੇ ਬੱਚਿਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਾਨੂੰ ਜੀਵਨ ਵਿੱਚ ਅਸਫਲਤਾਵਾਂ ਤੋਂ ਕਦੇ ਵੀ ਨਿਰਾਸ਼ ਨਹੀਂ ਹੋਣਾ ਚਾਹੀਦਾ ਸਗੋਂ ਉਹਨਾਂ ਤੋਂ ਪ੍ਰੇਰਨਾ ਲੈਂਦੇ ਹੋਏ ਜੀਵਨ ਵਿੱਚ ਅੱਗੇ ਵਧਣਾ ਚਾਹੀਦਾ ਹੈ ਅਤੇ ਪੜ੍ਹਾਈ ਦੇ ਨਾਲ ਨਾਲ ਸਾਨੂੰ ਖੇਡਾਂ ਵਿੱਚ ਵੀ ਭਾਗ ਲੈਣਾ ਚਾਹੀਦਾ ਹੈ। ਭਾਰਤੀ ਸੈਨਾ ਦੇ ਮੇਜਰ ਸੈਫੂਰ ਰਹਿਮਾਨ ਐਸ.ਕੇ ਨੇ ਵੀ ਬੱਚਿਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਾਨੂੰ ਆਪਣੇ ਮਾਤਾ ਪਿਤਾ ਅਤੇ ਅਧਿਆਪਕ ਦਾ ਸਤਿਕਾਰ ਕਰਨਾ ਚਾਹੀਦਾ ਹੈ ਕਿਉਂਕਿ ਉਹਨਾਂ ਦੀ ਮਿਹਨਤ ਅਤੇ ਲਗਨ ਨਾਲ ਹੀ ਅਸੀਂ ਜੀਵਨ ਵਿੱਚ ਉੱਚੀਆਂ ਬੁਲੰਦੀਆਂ ਤੇ ਪਹੁੰਚ ਸਕਦੇ ਹਾਂ ਅਤੇ ਨਾਲ ਹੀ ਉਹਨਾਂ ਨੇ ਬੱਚਿਆਂ ਨੂੰ ਯੂਨੀਫਾਰਮ ਦੇ ਮਹੱਤਵ ਬਾਰੇ ਜਾਣੂ ਕਰਵਾਇਆ ਤੇ ਦੱਸਿਆ ਕਿ ਯੂਨੀਫਾਰਮ ਸਾਨੂੰ ਅਨੁਸ਼ਾਸਨ ਵਿੱਚ ਰਹਿਣ ਦੀ ਸਿੱਖਿਆ ਦਿੰਦੀ ਹੈ। ਆਏ ਹੋਏ ਮੁੱਖ ਮਹਿਮਾਨਾਂ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਸੰਸਥਾ ਵੱਲੋਂ ਕੀਤੇ ਗਏ ਇਸ ਸ਼ਲਾਘਾਯੋਗ ਉਪਰਾਲੇ ਦੀ ਪ੍ਰਸ਼ੰਸਾ ਕੀਤੀ। ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਦੇ ਚੇਅਰਮੈਨ ਸ: ਗੁਰਦੀਪ ਸਿੰਘ ਰੰਧਾਵਾ ਜੀ ਅਤੇ ਮੈਨੇਜਰ ਸ: ਹਰਸ਼ਦੀਪ ਸਿੰਘ ਰੰਧਾਵਾ ਨੇ ਆਏ ਹੋਏ ਮੁੱਖ ਮਹਿਮਾਨਾਂ ਨੂੰ "ਜੀ ਆਇਆ" ਆਖਿਆ ਅਤੇ ਉਹਨਾਂ ਨੂੰ ਸਨਮਾਨ ਚਿੰਨ ਭੇਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਸ: ਅਵਤਾਰ ਸਿੰਘ ਬੁੱਟਰ, ਸ: ਕੁਲਬੀਰ ਸਿੰਘ ਮਾਨ , ਸ: ਕੁਲਵੰਤ ਸਿੰਘ ਕੋਹਾੜ , ਸ਼੍ਰੀ. ਬਲਰਾਮ ਬਾਵਾ ਜੀ ਡੀ.ਆਰ, ਪ੍ਰਿੰ: ਗੁਰਦੀਪ ਸਿੰਘ ਜਲਾਲ ਉਸਮਾ, ਪ੍ਰਿੰ: ਜਤਿੰਦਰ ਕੁਮਾਰ ਸ਼ਰਮਾ, ਪ੍ਰਿੰ: ਤੇਜਬੀਰ ਸਿੰਘ ਸੋਹਲ, ਪ੍ਰਿੰ: ਗੌਰਵਜੀਤ ਸਿੰਘ, ਸ: ਬਲਵਿੰਦਰ ਸਿੰਘ ਢਿੱਲੋ, ਸ :ਸੁਖਨਪਾਲ ਸਿੰਘ ਬੱਲ, ਸ: ਇੰਦਰਜੀਤ ਸਿੰਘ ਢਿੱਲੋ, ਸ: ਜਗਦੀਸ਼ ਸਿੰਘ ਬਮਰਾਹ, ਸ: ਬਲਜਿੰਦਰ ਸਿੰਘ, ਸ: ਬਲਜਿੰਦਰ ਸਿੰਘ ਬੱਲੀ, ਸ: ਗੁਰਪ੍ਰੀਤ ਸਿੰਘ, ਸ: ਜਤਿੰਦਰਪਾਲ ਸਿੰਘ, ਕੈਪਟਨ ਜੋਗਿੰਦਰ ਸਿੰਘ,ਸ: ਭੁਪਿੰਦਰ ਸਿੰਘ , ਪ੍ਰਿੰ: ਰੁਚਿਕਾ ਸ਼ਰਮਾ, ਸ: ਅਮਨਪਾਲ ਸਿੰਘ, ਪ੍ਰਿੰ: ਮਨਜੀਤ ਕੌਰ ਪੱਡਾ, ਮੈ.ਸੰਦੀਪ ਕੌਰ, ਮੈ. ਹਰਪ੍ਰੀਤ ਕੌਰ ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਜ਼ਿਲਾ ਫਿਰੋਜ਼ਪੁਰ ਦੇ ਸੈਂਕੜੇ ਕਿਸਾਨ ਹੋਏ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵਿੱਚ ਸ਼ਾਮਿਲ

# ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਅਤੇ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਨੇ ਕੀਤਾ ਸਵਾਗਤ



**ਫ਼ਿਰੋਜ਼ਪੁਰ, 17 ਦਸੰਬਰ (ਮਨੋਹਰ ਲਾਲ) :—** ਅੱਜ ਜ਼ਿਲਾ ਫਿਰੋਜ਼ਪੁਰ ਦੇ ਪੰਜ ਪਿੰਡਾਂ ਫੱਤੇਵਾਲਾ, ਸਭਰਾ—1, ਆਲੇ ਵਾਲ਼ਾ, ਬਸਤੀ ਗਰੀਬ ਸਿੰਘ ਵਾਲੀ ਅਤੇ ਸਭਰਾ—2 ਤੋਂ ਸੈਂਕੜੇ ਕਿਸਾਨ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵਿੱਚ ਸ਼ਾਮਿਲ ਹੋਏ। ਸਭਰਾਵਾਂ ਦੇ ਇਤਿਹਾਸਿਕ ਗੁਰਦੁਆਰਾ ਸਾਹਿਬ ਵਿਖੇ ਹੋਏ ਇਸ ਇਕੱਠ ਮੌਕੇ ਉਚੇਚੇ ਤੌਰ ਤੇ ਪਹੁੰਚੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ, ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਅਤੇ ਸੂਬਾ ਮੀਤ ਪ੍ਰਧਾਨ ਅਮਨਦੀਪ ਸਿੰਘ ਲਲਤੋਂ ਨੇ ਨਵੇਂ ਸ਼ਾਮਿਲ ਹੋਣ ਵਾਲੇ ਸਾਥੀਆਂ ਨੂੰ ਜਥੇਬੰਦੀ ਦੀ ਵਿਚਾਰਧਾਰਾ ਅਤੇ ਸੰਵਿਧਾਨ ਬਾਰੇ ਜਾਣਕਾਰੀ ਦਿੰਦਿਆਂ ਮੌਜੂਦਾ ਹਾਲਾਤ ਬਾਰੇ ਚਾਨਣਾ ਪਾਇਆ। ਪ੍ਰੋਗਰਾਮ ਦੀ ਸਾਰੀ ਕਾਰਵਾਈ ਜ਼ਿਲਾ ਫਿਰੋਜ਼ਪੁਰ ਦੇ ਪ੍ਰਧਾਨ ਜਗੀਰ ਸਿੰਘ ਖਹਿਰਾ ਨੇ ਚਲਾਈ। ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਨੇ ਬਿਜਲੀ ਸੋਧ ਬਿੱਲ 2025 ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੇਂਦਰ ਸਰਕਾਰ ਨੇ ਸੰਯੁਕਤ ਕਿਸਾਨ ਮੋਰਚੇ ਨਾਲ ਹੋਈ ਸਹਿਮਤੀ ਨੂੰ ਉਲੰਘ ਕੇ ਇੱਕ ਵਾਰ ਪਹਿਲਾਂ ਵੀ ਬਿਜਲੀ ਸੋਧ ਬਿੱਲ ਪਾਰਲੀਮੈਂਟ ਵਿੱਚ ਪੇਸ਼ ਕੀਤਾ ਸੀ ਅਤੇ ਹੁਣ ਦੂਜੀ ਵਾਰ ਫਿਰ ਉਹੀ ਵਾਅਦਾ ਖਲਾਫੀ ਕੀਤੀ ਜਾ ਰਹੀ ਹੈ। ਸੰਯੁਕਤ ਕਿਸਾਨ ਮੋਰਚਾ ਪੂਰੇ ਭਾਰਤ ਵਿੱਚ ਇਸ ਦੇ ਖਿਲਾਫ ਲੜਾਈ ਲੜ ਰਿਹਾ ਹੈ। ਜੇਕਰ ਇਹ ਬਿੱਲ ਪਾਸ ਹੋ ਕੇ ਕਾਨੂੰਨ ਬਣ ਜਾਂਦਾ ਹੈ ਤਾਂ ਬਿਜਲੀ ਵੰਡ ਦੇ ਖੇਤਰ ਵਿੱਚ ਪ੍ਰਾਈਵੇਟ ਕੰਪਨੀਆਂ ਨੂੰ ਲੁੱਟ ਕਰਨ ਦੀ ਖੁੱਲ੍ਹ ਦੇ ਦਿੱਤੀ ਜਾਵੇਗੀ ਅਤੇ ਕਰਾਸ ਸਬਸਿਡੀ ਬੰਦ ਕਰ ਦਿੱਤੀ ਜਾਵੇਗੀ। ਇਸੇ ਤਰ੍ਹਾਂ ਬੀਜ ਬਿੱਲ 2025 ਵੀ ਪਾਰਲੀਮੈਂਟ ਵਿੱਚ ਪੇਸ਼ ਕੀਤੇ ਜਾਣ ਦੀ ਸੰਭਾਵਨਾ ਹੈ। ਜੇਕਰ ਇਹ ਬਿੱਲ ਪਾਸ ਹੋ ਕੇ ਕਾਨੂੰਨ ਬਣ ਗਿਆ ਤਾਂ ਬੀਜਾਂ ਦੇ ਉਪਰ ਬਹੁਕੌਮੀ ਕੰਪਨੀਆਂ ਦਾ ਕਬਜ਼ਾ ਹੋ ਜਾਵੇਗਾ ਅਤੇ ਉਹ ਕਿਸਾਨਾਂ ਨੂੰ ਆਪਣੇ ਜਾਲ ਵਿਚ ਫਸਾ ਕੇ ਜ਼ਮੀਨਾਂ ਤੋਂ ਬਾਹਰ ਕਰ ਦੇਣਗੇ। ਜਥੇਬੰਦੀ ਦੇ ਸੂਬਾ ਮੀਤ ਪ੍ਰਧਾਨ ਅਮਨਦੀਪ ਸਿੰਘ ਲਲਤੋਂ ਨੇ ਚਾਰ ਲੇਬਰ ਕੋਡਜ ਬਾਰੇ ਜਾਣਕਾਰੀ ਦਿੱਤੀ ਕਿ ਦਿਹਾੜੀ ਅੱਠ ਘੰਟੇ ਤੋਂ ਵਧਾ ਕੇ 12 ਘੰਟੇ ਕਰ ਦਿੱਤੀ ਹੈ। ਮਜ਼ਦੂਰਾਂ ਤੋਂ ਹੜਤਾਲ ਕਰਨ ਅਤੇ ਜਥੇਬੰਦੀ ਬਣਾਉਣ ਦਾ ਹੱਕ ਵੀ ਖੋਹਿਆ ਜਾ ਰਿਹਾ ਹੈ, ਅਮਰੀਕਾ ਨਾਲ ਮੁਕਤ ਵਪਾਰ ਸਮਝੌਤੇ ਕੀਤੇ ਜਾ ਰਹੇ ਹਨ। ਜੇਕਰ ਇਸ ਸਮਝੌਤੇ ਵਿਚੋਂ ਖੇਤੀ ਅਤੇ ਖੇਤੀ ਨਾਲ ਲਾਗਵੇਂ ਖੇਤਰਾਂ ਨੂੰ ਬਾਹਰ ਨਾ ਰੱਖਿਆ ਗਿਆ ਤਾਂ ਬਾਹਰਲੇ ਮੁਲਕਾਂ ਦੀ ਸਸਤੀ ਜਿਨਸ, ਪੋਲਟਰੀ, ਦੁੱਧ ਅਤੇ ਦੁੱਧ ਤੋਂ ਬਣੀਆਂ ਵਸਤਾਂ ਭਾਰਤ ਦੀ ਮੰਡੀ ਵਿੱਚ ਆਉਣਗੀਆਂ ਅਤੇ ਭਾਰਤੀ ਕਿਸਾਨਾਂ ਦੀ ਜਿਨਸ ➟ਲ ਜਾਵੇਗੀ। ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਨੇ ਦੱਸਿਆ ਕਿ ਕਿਸਾਨਾਂ ਨੂੰ ਆਪਣੀ ਕਿਰਤ ਦੀ ਰਾਖੀ ਲਈ ਐਮ.ਐਸ.ਪੀ ਅਤੇ ਕਰਜ਼ਾ ਮੁਕਤੀ ਲਈ ਵੀ ਲੜਨਾ ਪਵੇਗਾ। ਇਕੱਠੇ ਹੋਏ ਪੰਜਾਂ ਪਿੰਡਾਂ ਦੇ ਕਿਸਾਨਾਂ ਨੇ ਜਥੇਬੰਦੀ ਦੀ ਅਗਵਾਈ ਵਿੱਚ ਕੰਮ ਕਰਨ ਦਾ ਅਹਿਦ ਲੈਂਦਿਆਂ ਆਉਣ ਵਾਲੇ ਸਾਰੇ ਸੰਘਰਸ਼ਾਂ ਵਿੱਚ ਵੱਧ ਚੜ ਕੇ ਸ਼ਾਮਿਲ ਹੋਣ ਦਾ ਵਿਸ਼ਵਾਸ ਦਵਾਇਆ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਜ਼ਿਲਾ ਜਨਰਲ ਸਕੱਤਰ ਗੁਲਜ਼ਾਰ ਸਿੰਘ ਕਬਰਬੱਛਾ, ਪ੍ਰੈਸ ਸਕੱਤਰ ਲਖਬੀਰ ਸਿੰਘ ਡੋਡ, ਜਿਲਾ ਖਜ਼ਾਨਚੀ ਜਤਿੰਦਰ ਸਿੰਘ ਕੜਮਾ, ਸਮਸ਼ੇਰ ਸਿੰਘ ਸ਼ਿਹਜ਼ਾਦੀ, ਜ਼ੀਰਾ ਬਲਾਕ ਪ੍ਰਧਾਨ ਪਰਨੀਤ ਸਿੰਘ ਭੜਾਣਾ, ਮਖੂ ਬਲਾਕ ਪ੍ਰਧਾਨ ਮੁਨਸ਼ਾ ਸਿੰਘ, ਸਰਪੰਚ ਰਣਵੀਰ ਸਿੰਘ ਰੁੜਕਾ, ਰਜਿੰਦਰ ਸਿੰਘ ਰਾਜਾ ਭਨੋਹੜ, ਜੱਗਾ ਸਿੰਘ ਮਹਿਲ ਕਲਾਂ, ਅਮਨਦੀਪ ਸਿੰਘ ਰਾਏਸਰ, ਬਲਜਿੰਦਰ ਸਿੰਘ ਬੂੜੇ ਵਾਲਾ, ਬਲਕਾਰ ਸਿੰਘ ਜੋਧਪੁਰ, ਹਰਬੰਸ ਸਿੰਘ ਜੋਧਪੁਰ, ਗੁਰਚਰਨ ਸਿੰਘ ਜਨਰਲ ਸਕੱਤਰ ਜੀਰਾ ਅਤੇ ਜਸਵੰਤ ਸਿੰਘ ਬੂੜੇਵਾਲ ਹਾਜ਼ਰ ਸਨ।

**☛ ਪੰਜ ਪਿੰਡਾਂ ਵਿੱਚ ਜਥੇਬੰਦੀ ਦੀਆਂ ਨਵੀਆਂ ਇਕਾਈਆਂ ਬਣਾਈਆਂ ☛ ਬਿਜਲੀ ਸੋਧ ਬਿੱਲ 2025 ਅਤੇ ਬੀਜ ਬਿੱਲ 2025 ਦੇ ਖਿਲਾਫ ਲੜਾਈ ਤੇਜ਼ ਕਰਨ ਦਾ ਕੀਤਾ ਫੈਸਲਾ**

ਆਵਾਜ਼ਿ ਕੌਮ AWAZE QAUM International Newspaper & WEB TV

### ਅਧਿਆਪਕ ਜੋੜੇ ਦੇ ਦੁਖਦਾਈ ਅੰਤ ਲਈ

# ਜ਼ਿਲ੍ਹਾ ਪ੍ਰਸ਼ਾਸਨ ਦਾ ਨਿਕੰਮਾ ਦੁਰਪ੍ਰਬੰਧ ਜ਼ੁੰਮੇਵਾਰ



**ਮੋਗਾ, 17 ਦਸੰਬਰ (ਆਵਾਜਿ ਕੌਮ ਬਿਉਰੋ ਰਿਪੋਰਟ (ਲਛਮਣਜੀਤ ਸਿੰਘ ਪੁਰਬਾ, ਗੁਰਪ੍ਰੀਤ ਸਿੰਘ)**-ਅੱਜ ਸਿਵਲ ਸੁਸਾਇਟੀ ਮੋਗਾ ਦੀ ਮੀਟਿੰਗ ਉਸਦੇ ਸਥਾਨਕ ਦਫ਼ਤਰ ਮੋਗਾ ਵਿੱਚ ਹੋਈ। ਮੀਟਿੰਗ ਵਿੱਚ ਚੋਣ ਪ੍ਰਕਿਰਿਆ ਦੌਰਾਨ ਅਧਿਆਪਕ ਜੋੜੇ ਜਸਕਰਨ ਸਿੰਘ ਭੁੱਲਰ ਅਤੇ ਕਮਲਜੀਤ ਕੌਰ ਦੇ ਦਰਦਨਾਕ ਹਾਦਸੇ ਕਾਰਨ ਹੋਈ ਦੁਖਦਾਈ ਮੌਤ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਗਿਆ। ਵਿੱਛੜੀਆਂ ਰੂਹਾਂ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਅਰਪਨ ਕੀਤੀ ਗਈ। ਮੀਟਿੰਗ ਵਿੱਚ ਅਜਿਹੇ ਰੋਜ਼ਾਨਾ ਵਾਪਰ ਰਹੇ ਹਾਦਸਿਆਂ 'ਤੇ ਡੂੰਘੀ ਚਿੰਤਾ ਪ੍ਰਗਟ ਕੀਤੀ ਗਈ। ਇਸ ਹਾਦਸੇ ਲਈ ਜ਼ਿਲ੍ਹਾ ਪ੍ਰਸ਼ਾਸਨ ਦੀ ਅਣਗਹਿਲੀ ਅਤੇ ਲੋਕਾਂ ਦੇ ਜਾਨ-ਮਾਲ ਦੀ ਰਾਖੀ ਪ੍ਰਤੀ ਲਾਪਰਵਾਹੀ ਸਪੱਸ਼ਟ ਸਾਹਮਣੇ ਆ ਰਹੀ ਹੈ। ਇਸ ਵਿੱਚ ਗਰਾਮ ਪੰਚਾਇਤਾਂ ਦੀ ਗੈਰਜ਼ੁੰਮੇਵਾਰੀ ਵਾਲੀ ਭੂਮਿਕਾ ਨੂੰ ਵੀ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਸਾਰੇ ਜ਼ਿਲ੍ਹੇ ਵਿੱਚ ਅਨੇਕਾਂ ਘੋਨੇ ਪੁਲ਼, ਸੜਕਾਂ ਵਿੱਚ ਪਏ ਹੋਏ ਡੂੰਘੇ ਖੱਡੇ, ਖੇਤਾਂ ਵਿੱਚ ਬਿਜਲੀ ਸਪਲਾਈ ਵਾਲ਼ੀਆਂ ਢਿੱਲੀਆਂ ਤਾਰਾਂ, ਥਾਂ ਥਾਂ ਘੁੰਮਦੇ ਫਿਰਦੇ ਅਵਾਰਾ ਪਸ਼ੂ ਸਭ ਨੂੰ ਦਿਖਾਈ ਦਿੰਦੇ ਹਨ। ਪਰ ਗਰਾਮ ਪੰਚਾਇਤਾਂ ਦੀ ਇਹ ਜ਼ੁੰਮੇਵਾਰੀ ਬਣਦੀ ਹੈ ਕਿ ਉਹ ਇਹਨਾਂ ਸਮੱਸਿਆਵਾਂ ਵੱਲ ਜ਼ਿਲ੍ਹਾ ਪ੍ਰਸ਼ਾਸ਼ਨ ਦਾ ਧਿਆਨ ਕਰਵਾਉਣ। ਅਫ਼ਸਰ ਸਾਹਿਬਾਨਾਂ ਨੂੰ ਵੀ ਚਾਹੀਦਾ ਹੈ ਕਿ ਉਹ ਨਿਰਾ ਪੁਰਾ ਦਫ਼ਤਰਾਂ ਵਿੱਚ ਬੈਠ ਕੇ ਕੰਮ ਨਾ ਕਰਨ। ਸਗੋਂ ਲੋਕਾਂ ਦੀਆਂ ਸਮੱਸਿਆਵਾਂ ਜਾਨਣ ਲਈ ਅਤੇ ਉਨ੍ਹਾਂ ਦੇ ਹੱਲ ਕਰਨ ਲਈ ਪਿੰਡਾਂ ਦੇ ਦੌਰੇ ਵੀ ਕਰਨ। ਜਨਤਕ ਜਮਹੂਰੀ ਜਥੇਬੰਦੀਆਂ ਨੂੰ ਵੀ ਗੈਰ ਜ਼ੁੰਮੇਵਾਰ ਅਧਿਕਾਰੀਆਂ ਦੇ ਖ਼ਿਲਾਫ਼ ਰੋਸ ਪ੍ਰਗਟ ਕਰਨੇ ਚਾਹੀਦੇ ਹਨ। ਮੀਟਿੰਗ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਗਈ ਕਿ ਸਾਰੇ ਜ਼ਿਲ੍ਹੇ ਦੇ ਅਜਿਹੇ ਘੋਨੇ ਪੁਲ਼ਾਂ ਦੀ, ਸੜਕਾਂ ਵਿੱਚ ਪਏ ਡੂੰਘੇ ਖੱਡਿਆਂ ਦੀ ਤੁਰੰਤ ਮੁਰੰਮਤ ਕੀਤੀ ਜਾਵੇ। ਖੇਤਾਂ ਵਿੱਚ ਬੇਹੱਦ ਢਿੱਲੀਆਂ ਹੋ ਚੁੱਕੀਆਂ ਤਾਰਾਂ ਨੂੰ ਕਸਵਾ ਕੇ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਨੂੰ ਹਾਦਸਿਆਂ ਤੋਂ ਬਚਾਇਆ ਜਾਵੇ। ਅਵਾਰਾ ਪਸ਼ੂਆਂ ਨੂੰ ਕਾਬੂ ਕਰਕੇ ਸੜਕ ਹਾਦਸੇ ਹੋਣ ਤੋਂ ਸੁਰੱਖਿਅਤ ਕੀਤਾ ਜਾਵੇ। ਅੰਤ ਵਿੱਚ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਵਿੱਛੜ ਗਏ ਜੋੜੇ ਦੇ ਬੱਚਿਆਂ ਨੂੰ ਦੋ ਦੋ ਕਰੋੜ ਰੁਪੈ ਦਾ ਮੁਆਵਜ਼ਾ ਦਿੱਤਾ ਜਾਵੇ ਅਤੇ ਬੱਚਿਆਂ ਲਈ ਸਰਕਾਰੀ ਨੌਕਰੀ ਰਾਖਵੀਂ ਰੱਖੀ ਜਾਵੇ। ਇਸ ਮੀਟਿੰਗ ਵਿੱਚ ਅਹੁਦੇਦਾਰ ਅਤੇ ਮੈਂਬਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸੇਵਾ ਮੁਕਤ ਟੀਚਰ ਤੇ ਪੈਨਸ਼ਨਰਜ਼ ਐਸੋਸੀਏਸ਼ਨ ਫ਼ਿਰੋਜ਼ਪੁਰ ਵੱਲੋਂ 21 ਦਸੰਬਰ ਨੂੰ ਮਨਾਇਆ ਜਾਵੇਗਾ ਪੈਨਸ਼ਨਰਜ਼ ਦਿਵਸ



ਫ਼ਿਰੋਜ਼ਪੁਰ, 17 ਦਸੰਬਰ (ਮਨੋਹਰ ਲਾਲ) :— ਸੇਵਾ ਮੁਕਤ ਟੀਚਰ ਅਤੇ ਹੋਰ ਪੈਨਸ਼ਨਰ ਐਸੋਸੀਏਸ਼ਨ ਫ਼ਿਰੋਜ਼ਪੁਰ ਦੇ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਦੀ ਇਕ ਅਹਿਮ ਮੀਟਿੰਗ ਹੋਈ, ਜਿਸ ਵਿਚ ਫੈਸਲਾ ਲਿਆ ਗਿਆ ਕਿ ਹਰੇਕ ਸਾਲ ਦੀ ਤਰ੍ਹਾਂ ਇਸ ਸਾਲ 21 ਦਸੰਬਰ 2025 ਦਿਨ ਐਤਵਾਰ ਨੂੰ ਪੈਨਸ਼ਨਰਜ਼ ਦਿਵਸ ਸਰਕਾਰੀ ਪ੍ਰਾਇਮਰੀ ਸਕੂਲ ਚੁੰਗੀ ਖਾਨਾ ਰੋਡ (ਲੜਕੀਆਂ) ਫ਼ਿਰੋਜ਼ਪੁਰ ਸ਼ਹਿਰ ਵਿਖੇ ਬੜੀ ਧੂਮਧਾਮ ਨਾਲ ਮਨਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਧਾਨ ਨਛੱਤਰ ਸਿੰਘ, ਜਨਰਲ ਸਕੱਤਰ ਰਮੇਸ਼ ਕੁਮਾਰ ਨੇ ਦੱਸਿਆ ਕਿ 80 ਸਾਲ ਉਮਰ ਦੀਆਂ ਬਹਾਰਾਂ ਮਨਾ ਰਹੇ ਪੈਨਸ਼ਨਰਾਂ ਨੂੰ ਸਨਮਾਨਿਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸਮਾਗਮ ਵਿਚ ਮੁੱਖ ਮਹਿਮਾਨ ਵਜੋਂ ਡਾਕਟਰ ਸੁਦੇਸ਼ ਕੁਮਾਰ ਸ਼ਰਮਾ ਅਤੇ ਛਾਤੀ ਰੋਗਾਂ ਦੇ ਮਾਹਿਰ ਅਨਿਲ ਬਾਗੀ ਹਸਪਤਾਲ ਫ਼ਿਰੋਜ਼ਪੁਰ ਸ਼ਹਿਰ ਦੀ ਟੀਮ ਹੋਵੇਗੀ। ਸਮੂਹ ਪੈਨਸ਼ਨਰਜ਼ ਨੂੰ 21 ਦਸੰਬਰ ਨੂੰ ਸਮਾਗਮਾਂ ਵਿਚ ਸ਼ਾਮਲ ਹੋਣ ਲਈ ਪੁਰਜ਼ੋਰ ਅਪੀਲ ਕੀਤੀ ਜਾਂਦੀ ਹੈ ਅਤੇ ਸਮਾਗਮ ਦੌਰਾਨ ਹਾਜਰੀਨ ਲਈ ਚਾਹ—ਪਾਣੀ ਅਤੇ ਲੰਗਰ ਦਾ ਖਾਸ ਪ੍ਰਬੰਧ ਕੀਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

## ਰਾਸ਼ਟਰਪਤੀ ਸੀਪੀ ਰਾਧਾਕ੍ਰਿਸ਼ਨਨ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਧਾਰਮਿਕ ਆਜ਼ਾਦੀ ਦੀ ਵਿਰਾਸਤ ਦਾ ਸਨਮਾਨ ਕਰਦੇ ਹੋਏ ਅੰਤਰ-ਧਰਮ ਸੰਮੇਲਨ ਦੀ ਕੀਤੀ ਅਗਵਾਈ



ਨਵੀਂ ਦਿੱਲੀ 17 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਪੁਰਬ ਨੂੰ ਸਮਰਪਿਤ ਇੱਕ ਅੰਤਰ-ਧਰਮ ਸੰਮੇਲਨ ਅੱਜ ਵਿਸ਼ਵ ਪੰਜਾਬੀ ਸੰਗਠਨ ਅਤੇ ਗਲੋਬਲ ਇੰਟਰਫੇਥ ਹਾਰਮਨੀ ਫਾਊਂਡੇਸ਼ਨ ਦੁਆਰਾ, ਇਸਦੇ ਅੰਤਰਰਾਸ਼ਟਰੀ ਪ੍ਰਧਾਨ ਡਾ. ਵਿਕਰਮਜੀਤ ਸਿੰਘ ਸਾਹਨੀ, ਸੰਸਦ ਮੈਂਬਰ, ਰਾਜ ਸਭਾ ਦੀ ਅਗਵਾਈ ਹੇਠ ਨਵੀ ਦਿੱਲੀ ਦੇ ਵਿਗਿਆਨ ਭਵਨ ਵਿਖੇ ਆਯੋਜਿਤ ਕੀਤਾ ਗਿਆ। ਇਸ ਸੰਮੇਲਨ ਵਿਚ ਸਿੱਖ ਧਰਮ, ਹਿੰਦੂ ਧਰਮ, ਇਸਲਾਮ, ਈਸਾਈ ਧਰਮ ਅਤੇ ਜੈਨ ਧਰਮ ਦੇ ਉੱਘੇ ਅਧਿਆਤਮਿਕ ਆਗੂਆਂ ਨੇ ਧਾਰਮਿਕ ਆਜ਼ਾਦੀ, ਬਹੁਲਵਾਦ ਅਤੇ ਸ਼ਾਂਤੀਪੂਰਨ ਸਹਿ-ਹੋਂਦ ਦੇ ਭਾਰਤ ਦੇ ਸੱਭਿਅਕ ਸਿਧਾਂਤਾਂ ਪ੍ਰਤੀ ਵਚਨਬੱਧਤਾ ਪ੍ਰਗਟ ਕੀਤੀ। ਭਾਰਤ ਦੇ ਉਪ ਰਾਸ਼ਟਰਪਤੀ, ਸ਼੍ਰੀ ਸੀ. ਪੀ. ਰਾਧਾਕ੍ਰਿਸ਼ਨਨ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਸ਼ਰਧਾਂਜਲੀ ਭੇਟ ਕਰਦਿਆਂ, ਉਨ੍ਹਾਂ ਦੀ ਸ਼ਹਾਦਤ ਨੂੰ ਭਾਰਤ ਦੇ ਧਰਮ ਨਿਰਪੱਖ ਲੋਕਤੰਤਰ ਦੀ ਨੈਤਿਕ ਨੀਂਹ ਦੱਸਿਆ। ਉਨ੍ਹਾਂ ਕਿਹਾ ਕਿ 1675 ਵਿੱਚ ਗੁਰੂ ਜੀ ਦਾ ਬਲੀਦਾਨ ਧਾਰਮਿਕ ਆਜ਼ਾਦੀ ਦੀ ਰੱਖਿਆ ਵਿੱਚ ਹਿੰਮਤ ਦਾ ਪ੍ਰਤੀਕ ਸੀ ਅਤੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਹ ਸੰਮੇਲਨ ਭਾਰਤ ਦੇ ਸਭਿਅਕ ਸਿਧਾਂਤ ਵਸੁਧੈਵ ਕੁਟੁੰਬਕਮ ਦੇ ਸਿਧਾਂਤ ਨੂੰ ਦਰਸਾਉਂਦਾ ਹੈ। ਉਪ ਰਾਸ਼ਟਰਪਤੀ ਨੇ ਜ਼ੋਰ ਦੇ ਕੇ ਕਿਹਾ ਕਿ ਅਸਹਿਣਸ਼ੀਲਤਾ ਨੂੰ ਦੂਰ ਕਰਨ ਅਤੇ ਵਿਭਿੰਨਤਾ ਵਾਲੇ ਦੇਸ਼ ਭਾਰਤ ਵਿੱਚ ਏਕਤਾ ਨੂੰ ਉਤਸ਼ਾਹਿਤ ਕਰਨ ਲਈ ਅੰਤਰ-ਧਰਮ ਸੰਵਾਦ ਜ਼ਰੂਰੀ ਹੈ। ਆਪਣੇ ਸੰਬੋਧਨ ਵਿੱਚ, ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸਰਵਉੱਚ ਬਲੀਦਾਨ ਨੂੰ ਮਨੁੱਖੀ ਅਧਿਕਾਰਾਂ ਦੇ ਵਿਸ਼ਵ ਇਤਿਹਾਸ ਵਿੱਚ ਇੱਕ ਮਹੱਤਵਪੂਰਨ ਪਲ ਵਜੋਂ ਯਾਦ ਕੀਤਾ। ਉਨ੍ਹਾਂ ਕਿਹਾ ਕਿ ਧਾਰਮਿਕ ਆਜ਼ਾਦੀ ਇੱਕ ਸੱਭਿਅਕ ਸਮਾਜ ਦੀ ਨੀਂਹ ਹੈ ਅਤੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਸਿਰਫ਼ ਇੱਕ ਵਿਸ਼ਵਾਸ ਲਈ ਨਹੀਂ ਸੀ, ਸਗੋਂ ਹਰ ਵਿਅਕਤੀ ਦੇ ਡਰ ਤੋਂ ਬਿਨਾਂ ਆਪਣੇ ਧਰਮ ਦਾ ਪਾਲਣ ਕਰਨ ਦੇ ਅਧਿਕਾਰ ਨੂੰ ਬਰਕਰਾਰ ਰੱਖਣ ਲਈ ਸੀ ਅਤੇ ਇਹ ਧਰਮ ਨਿਰਪੱਖਤਾ ਦੀ ਸੱਚੀ ਭਾਵਨਾ ਸੀ । ਉਹਨਾਂ ਕਿਹਾ ਅੱਜ ਦੇ ਵੰਡੇ ਹੋਏ ਸਮੇਂ ਵਿੱਚ, ਗੁਰੂ ਜੀ ਦਾ ਸੰਦੇਸ਼ ਸ਼ਾਂਤੀ ਅਤੇ ਮਨੁੱਖੀ ਸਨਮਾਨ ਦੇ ਆਧਾਰ ਵਜੋਂ ਅੰਤਰ-ਧਰਮ ਸਦਭਾਵਨਾ ਦੀ ਮੰਗ ਕਰਦਾ ਹੈ। ਇਸ ਸੰਮੇਲਨ ਵਿੱਚ ਨਾਮਧਾਰੀ ਸਤਿਗੁਰੂ ਉਦੈ ਸਿੰਘ, ਜੈਨ ਅਚਾਰੀਆ ਲੋਕੇਸ਼ ਮੁਨੀ, ਅਜਮੇਰ ਸ਼ਰੀਫ ਦੇ ਹਾਜੀ ਸਈਅਦ ਸਲਮਾਨ ਚਿਸ਼ਤੀ, ਫ਼ਾਦਰ . ਮੋਨੋਦੀਪ ਡੈਨੀਅਲ, ਇਸਕਾਨ ਦਿੱਲੀ ਦੇ ਐਚ.ਐਚ.ਮੋਹਨ ਰੂਪ ਦਾਸ, ਅਤੇ ਸਰਦਾਰ ਤਰਲੋਚਨ ਸਿੰਘ ਨੇ ਵੀ ਸੰਬੋਧਨ ਕੀਤਾ।

## ਸਿੰਘ ਸਾਹਿਬ ਬਾਬਾ ਰਾਮ ਸਿੰਘ ਜੀ ਦੇ ਸਲਾਨਾ ਬਰਸੀ ਸਮਾਗਮ ਤੇ ਨਗਰ ਕੀਰਤਨ ਸਜਾਇਆ ਗਿਆ

ਸਰਹਾਲੀ ਸਾਹਿਬ, 17 ਦਸੰਬਰ (ਆਵਾਜ਼ਿ ਕੌਮ ਬਿਊਰੋ)- ਨਿਹੰਗ ਸਿੰਘ ਤਰਨਾ ਦਲ ਮਿਸਲ ਸ਼ਹੀਦਾਂ ਦੇ ਨੌਂਵੇਂ ਜਾਨਸ਼ੀਨ, ਸਿੰਘ ਸਾਹਿਬ ਬਾਬਾ ਰਾਮ ਸਿੰਘ ਜੀ ਦਾ ਸਲਾਨਾ ਬਰਸੀ ਸਮਾਗਮ, ਗੁ. ਬਾਬਾ ਰਾਮ ਸਿੰਘ ਜੀ, ਸਰਹਾਲੀ ਸਾਹਿਬ ਵਿਖੇ ਕਰਵਾਇਆ ਜਾ ਰਿਹਾ ਹੈ। ਜਿਸ ਦੇ ਸੰਬੰਧ ਵਿੱਚ ਅੱਜ ਨਗਰ ਕੀਰਤਨ ਸਜਾਇਆ ਗਿਆ। ਇਸ ਮੌਕੇ ਸਿੰਘ ਸਾਹਿਬ ਗਿ. ਬਲਵਿੰਦਰ ਸਿੰਘ (ਮੁੱਖ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ) ਜੀ ਨੇ ਨਗਰ ਕੀਰਤਨ ਦੀ ਆਰੰਭਤਾ ਮੌਕੇ ਅਰਦਾਸ ਕੀਤੀ। ਹਰ ਸਾਲ ਦੀ ਤਰ੍ਹਾਂ 'ਸਤਿਨਾਮ ਵਾਹਿਗੁਰੂ' ਦਾ ਜਾਪ ਕਰਦਿਆਂ ਅਤੇ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਦੀ ਗੂੰਜ ਵਿੱਚ ਬੇਅੰਤ ਸੰਗਤਾਂ ਨੇ ਨਗਰ ਕੀਰਤਨ ਵਿੱਚ ਹਾਜ਼ਰੀ ਸਨ। ਸੰਪਰਦਾਇ ਕਾਰ ਸੇਵਾ ਸੰਤ ਬਾਬਾ ਤਾਰਾ ਸਿੰਘ ਜੀ ਸਰਹਾਲੀ ਸਾਹਿਬ ਦੇ ਮੁਖੀ ਸੰਤ ਬਾਬਾ ਸੁੱਖਾ ਸਿੰਘ ਜੀ ਆਪਣੇ ਸਤਿਕਾਰਯੋਗ ਮਾਤਾ ਰਣਜੀਤ ਕੌਰ ਜੀ ਸਮੇਤ ਨਗਰ ਕੀਰਤਨ ਵਿਚ ਹਾਜ਼ਰ ਰਹੇ। ਇਸ ਮੌਕੇ ਪਿੰਡ ਆਲੀਵਾਲ (ਜ਼ਿਲ੍ਹਾ ਗੁਰਦਾਸਪੁਰ) ਦੀ ਸੰਗਤ ਅਤੇ ਐਨ.ਆਰ. ਆਈ. ਵੀਰਾਂ ਵੱਲੋਂ ਸੰਪਰਦਾਇ ਕਾਰ ਸੇਵਾ ਨੂੰ ਇੱਕ ਟਰੈਕਟਰ ਭੇਟ ਕੀਤਾ ਗਿਆ। ਇਸ ਮੌਕੇ ਗੁਰਦੁਆਰਾ ਦੇਸ਼ਭਗਤ ਸੰਤ ਬਾਬਾ ਵਸਾਖਾ ਸਿੰਘ ਦਦਹੇਰ ਸਾਹਿਬ ਦੀ ਸਮੂਹ ਗੁਰਦੁਆਰਾ ਕਮੇਟੀ, ਚੇਅਰਮੈਨ ਗੁਰਮਹਾਂਬੀਰ ਸਿੰਘ, ਸਰਬਜੀਤ ਸਿੰਘ ਬਾਬਾ ਛੱਬਾ, ਸਾਬਕਾ ਸਰਪੰਚ ਸਾਹਿਬ ਸਿੰਘ, ਤਰਸੇਮ ਸਿੰਘ ਸੰਧੂ ਡੇਅਰੀ, ਅਜੀਤ ਸਿੰਘ ਮੈਂਬਰ, ਅਰਜਨ ਸਿੰਘ ਸੰਧੂ ( ਸਮਾਜ ਸੇਵੀ), ਹਰਮੀਤ ਸਿੰਘ ਬੌਬੀ, ਬਿੱਟੂ ਮੈਂਬਰ, ਜਥੇਦਾਰ ਬੀਰਾ ਸਿੰਘ, ਜਥੇਦਾਰ ਬਲਬੀਰ ਸਿੰਘ, ਜਥੇਦਾਰ ਭਲਵਾਨ ਸਿੰਘ ਵਾਂ, ਗ੍ਰੰਥੀ ਬਾਬਾ ਬਲਦੇਵ ਸਿੰਘ, ਜਥੇਦਾਰ ਹਿੰਮਤ ਸਿੰਘ, ਜਥੇਦਾਰ ਮਨਜਿੰਦਰ ਸਿੰਘ ਸੁਰਸਿੰਘ, ਜਥੇਦਾਰ ਜਗਮੋਹਨ ਸਿੰਘ, ਜਥੇਦਾਰ ਗੁਰਚੇਤ ਸਿੰਘ ਅਤੇ ਹੋਰ ਕਈ ਪਤਵੰਤੇ ਹਾਜ਼ਰ ਸਨ।18 ਦਸੰਬਰ ਨੂੰ ਸਵੇਰੇ ਸ੍ਰੀ ਅਖੰਡ ਪਾਠ ਦੇ ਭੋਗ ਤੋਂ ਉਪਰੰਤ ਧਾਰਮਿਕ ਦੀਵਾਨ ਸਜੇਗਾ, ਜਿਸ ਵਿਚ ਭਾਈ ਤਸਬੀਰ ਸਿੰਘ ਜੀ (ਹਜ਼ੂਰੀ ਰਾਗੀ ਗੁ. ਬਾਬਾ ਰਾਮ ਸਿੰਘ ਜੀ), ਭਾਈ ਮੰਗਤ ਸਿੰਘ ਜੀ ਝਾੜ ਸਾਹਿਬ ਵਾਲੇ ਅਤੇ ਹੋਰ ਕਈ ਪੰਥ ਪ੍ਰਸਿੱਧ ਗੁਣੀ ਗਿਆਨੀ ਸੰਗਤਾਂ ਨੂੰ ਹਰਿ ਜੱਸ ਸੁਣਾ ਕੇ ਨਿਹਾਲ ਕਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪੀਸੀਆਰ ਜ਼ਿਲ੍ਹਾ ਟੀਮ ਨੇ ਕੇ ਸੀ ਪਰਾਸ਼ਰ ਦੀ ਅਗਵਾਈ ਹੇਠ

# ਸ਼ਹਿਰ ਵਿੱਚ ਮਾਰਚ ਕੱਢਿਆ












**ਮੋਗਾ 16 ਦਸੰਬਰ (ਆਵਾਜਿ ਕੌਮ ਬਿਉਰੋ ਰਿਪੋਰਟ) ( ਲਛਮਣ ਜੀਤ ਸਿੰਘ ਪੁਰਬਾ, ਗੁਰਪ੍ਰੀਤ ਸਿੰਘ)**-ਪੰਜਾਬ ਦੇ ਡੀਜੀਪੀ ਗੌਰਵ ਯਾਦਵ ਦੇ ਨਿਰਦੇਸ਼ਾਂ ਅਧੀਨ ਅਤੇ ਪੰਜਾਬ ਸਰਕਾਰ ਵਲੋਂ ਅਪਰਾਧ ਕਾਰਵਾਈ 'ਤੇ ਜ਼ੀਰੋ ਟੋਲਰੈਂਸ ਮੁਹਿੰਮ ਦੇ ਤਹਿਤ ਮੋਗਾ ਦੇ ਐਸਐਸਪੀ ਅਜੈ ਗਾਂਧੀ ਦੀ ਹਿਦਾਇਤਾਂ ਅਨੁਸਾਰ ਮੋਗਾ ਪੀਸੀਆਰ ਇੰਚਾਰਜ ਕੇ ਸੀ ਪਰਾਸ਼ਰ ਦੀ ਅਗਵਾਈ ਵਿੱਚ ਫਲੈਗ ਮਾਰਚ ਕੱਢਿਆ ਗਿਆ। ਫਲੈਗ ਮਾਰਚ ਕਚਹਿਰੀ ਰੋਡ ਮਾਡਰਨ ਥਾਣਾ-1 ਤੋਂ ਸ਼ੁਰੂ ਹੋ ਕੇ ਕਚਹਿਰੀ ਰੋਡ, ਮੈਜੇਸਟਿਕ ਚੌਕ, ਮੇਨ ਬਜ਼ਾਰ, ਥਾਪਰ ਚੌਕ, ਰਾਮ ਗੰਜ ਚੌਕ, ਸਰਾਫਾ ਬਜ਼ਾਰ, ਪੁਰਾਣੀ ਦਾਨਾ ਮੰਡੀ, ਚੈਂਬਰ ਰੋਡ, ਰੇਲਵੇ ਰੋਡ ਤੋਂ ਵਾਪਸ ਜ਼ਿਲਾ ਪੀਸੀਆਰ ਟ੍ਰੈਫਿਕ ਦਫ਼ਤਰ ਪਹੁੰਚਿਆ। ਕੇ ਸੀ ਪਰਾਸ਼ਰ ਨੇ ਦੱਸਿਆ ਕਿ ਅਪਰਾਧ ਅਤੇ ਵੱਖ-ਵੱਖ ਕਿਸਮਾਂ 'ਤੇ ਜ਼ੀਰੋ ਟੋਲਰੈਂਸ, ਅਪਰਾਧ-ਮੁਕਤ ਅਤੇ ਨਸ਼ਾ-ਮੁਕਤ ਪੰਜਾਬ ਦੇ ਤਹਿਤ ਮੋਗਾ ਦੇ ਐਸਐਸਪੀ ਅਜੈ ਗਾਂਧੀ ਦੀਆਂ ਹਿਦਾਇਤਾਂ ਦੇ ਅਨੁਸਾਰ ਹਰ ਹਾਲਾਤ 'ਤੇ ਤਿੱਖੀ ਨਜ਼ਰ ਰੱਖੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸ਼ੱਕੀ ਵਿਅਕਤੀਆਂ ਸਮੇਤ ਵਾਹਨਾਂ ਦੀ ਚੈੱਕਿੰਗ ਕਰਕੇ ਬਿਨਾਂ ਦਸਤਾਵੇਜ਼ ਅਤੇ ਨੰਬਰਾਂ ਵਾਲੇ ਵਾਹਨਾਂ ਨੂੰ ਬੰਦ ਕੀਤਾ ਜਾ ਰਿਹਾ ਹੈ। ਰੇਲਵੇ ਸਟੇਸ਼ਨ ਅਤੇ ਬਸ ਸਟੈਂਡ 'ਤੇ ਪਹੁੰਚਣ ਵਾਲੇ ਲੋਕਾਂ ਦੀ ਚੈੱਕਿੰਗ ਯਕੀਨੀ ਬਣਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਰਾਫਾ ਬਜ਼ਾਰ ਸਮੇਤ ਹੋਰ ਮੁੱਖ ਬਜ਼ਾਰਾਂ ਵਿੱਚ ਵੀ ਚੈੱਕਿੰਗ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਮਹਿਲਾ ਜਵਾਨਾਂ ਦੀ ਵੱਖ-ਵੱਖ ਡਿਊਟੀਆਂ ਲਗਾ ਕੇ ਮਹਿਲਾਵਾਂ ਦੇ ਬੈਗ, ਪਰਸ ਆਦਿ ਦੀ ਚੈੱਕਿੰਗ ਨਾਲ, ਚੌਰਾਹਿਆਂ 'ਤੇ ਪੁਲਿਸ ਕਰਮਚਾਰੀ ਨਿਯੁਕਤ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਅਤੇ ਪੰਜਾਬ ਸਰਕਾਰ ਵਲੋਂ ਚਲਾਈਆਂ ਜਾ ਰਹੀਆਂ ਪੁਲਿਸ ਸੇਵਾਵਾਂ ਪ੍ਰਤੀ ਲੋਕਾਂ ਨੂੰ ਜਾਗਰੂਕ ਕੀਤਾ ਗਿਆ ਹੈ। ਇਸਦੇ ਨਾਲ ਹੀ ਨਸ਼ਾ-ਮੁਕਤ ਪੰਜਾਬ ਮੁਹਿੰਮ ਹੇਠ ਚੱਲ ਰਹੇ ਹੈਲਪਲਾਈਨ ਨੰਬਰ ਦੀ ਜਾਣਕਾਰੀ ਅਤੇ ਨਸ਼ਿਆਂ ਦੇ ਨੁਕਸਾਨਾਂ ਬਾਰੇ ਵੀ ਜਾਗਰੂਕਤਾ ਵਧਾਈ ਜਾ ਰਹੀ ਹੈ।

### ਮੁੱਖ ਚੌਰਾਹਿਆਂ, ਬਿਨਾਂ ਨੰਬਰ, ਦਸਤਾਵੇਜ਼ ਵਾਲੇ ਵਾਹਨਾਂ ਸਮੇਤ ਸ਼ੱਕੀ ਵਿਅਕਤੀਆਂ ਦੀ ਚੈੱਕਿੰਗ : ਪਰਾਸ਼ਰ

### ਥਾਣਾ ਸਲੇਮ ਟਾਬਰੀ ਦੀ ਪੁਲਿਸ ਪਾਰਟੀ ਵੱਲੋਂ

# ਨੂਰਵਾਲਾ ਰੋਡ ਤੋਂ 1 ਨਸ਼ਾ ਤਸਕਰ ਗ੍ਰਿਫ਼ਤਾਰ, 50 ਗ੍ਰਾਮ ਹੈਰੋਇਨ ਬਰਾਮਦ

ਲੁਧਿਆਣਾ, 17 ਦਸੰਬਰ (ਆਵਾਜ਼ਿ ਕੌਮ ਬਿਊਰੋ)-ਸਵਪਨ ਸ਼ਰਮਾ ਕਮਿਸ਼ਨਰ ਪੁਲਿਸ ਲੁਧਿਆਣਾ ਅਤੇ ਰੁਪਿੰਦਰ ਸਿੰਘ ਡਿਪਟੀ ਕਮਿਸ਼ਨਰ ਪੁਲਿਸ, ਸਿਟੀ, ਲੁਧਿਆਣਾ ਜੀ ਦੇ ਦਿਸ਼ਾ ਨਿਰਦੇਸ਼ ਹੇਠ ਪੰਜਾਬ ਸਰਕਾਰ ਵੱਲੋਂ ਚਲਾਈ ਗਈ ਵਿਸ਼ੇਸ਼ ਮੁਹਿੰਮ ਯੁੱਧ ਨਸ਼ਿਆ ਵਿਰੁੱਧ ਤਹਿਤ ਕਾਰਵਾਈ ਕਰਦਿਆਂ ਹੋਇਆ ਕਮਿਸ਼ਨਰੇਟ ਪੁਲਿਸ ਲੁਧਿਆਣਾ ਵੱਲੋਂ ਨੂਰਵਾਲਾ ਰੋਡ ਤੋਂ 01 ਨਸ਼ਾ ਤਸਕਰ 50 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ। ਜਿਸ ਸਬੰਧੀ ਜਾਣਕਾਰੀ ਦਿੰਦਿਆਂ ਹੋਇਆਂ ਸਮੀਰ ਵਰਮਾ ADCP-1 ਅਤੇ ਕਿੱਕਰ ਸਿੰਘ ACP ਉੱਤਰੀ ਲੁਧਿਆਣਾ ਜੀ ਨੇ ਦੱਸਿਆ ਕਿ ਇੰਸਪੈਕਟਰ ਜਸਵੀਰ ਸਿੰਘ, ਮੁੱਖ ਅਫਸਰ ਥਾਣਾ ਜੋਧੇਵਾਲ ਲੁਧਿਆਣਾ ਦੀ ਅਗਵਾਈ ਹੇਠ ਪੁਲਿਸ ਪਾਰਟੀ ਵੱਲੋਂ ਦੌਰਾਨੇ ਗਸ਼ਤ ਦੋਸ਼ੀ ਸੰਦੀਪ ਕੁਮਾਰ ਪੁੱਤਰ ਭਗਵਾਨ ਦਾਸ ਵਾਸੀ ਲੁਧਿਆਣਾ ਨੂੰ ਨੂਰਵਾਲਾ ਰੋਡ ਲੁਧਿਆਣਾ ਤੋ ਕਾਬੂ ਕੀਤਾ ਗਿਆ, ਜਿਸ ਦੇ ਕਬਜ਼ੇ ਵਿੱਚੋਂ 50 ਗ੍ਰਾਮ ਹੈਰੋਇਨ ਬਰਾਮਦ ਹੋਈ। ਜਿਸ ਕਰਕੇ ਦੋਸ਼ੀ ਸੰਦੀਪ ਕੁਮਾਰ ਦੇ ਖਿਲਾਫ ਥਾਣਾ ਜੋਧੇਵਾਲ ਲੁਧਿਆਣਾ ਵਿੱਚ ਮੁਕੱਦਮਾ ਨੰਬਰ 171 ਮਿਤੀ 16-12-25 ਨੂੰ ਅਧੀਨ ਧਾਰਾ 21-ਬੀ/61/85 ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕਰਕੇ ਦੋਸ਼ੀ ਨੂੰ ਗਿਰਫਤਾਰ ਕੀਤਾ ਗਿਆ ਅਤੇ ਜਿਸ ਦੀ ਇੱਕ ਟੀ.ਵੀ.ਐਸ. ਜੁਪੀਟਰ ਸਕੂਟਰੀ ਕਬਜੇ ਵਿੱਚ ਲਈ ਗਈ । ਦੋਸ਼ੀ ਸੰਦੀਪ ਕੁਮਾਰ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕੀਤਾ ਗਿਆ ਸੀ, ਜਿੱਥੋਂ ਇੱਕ ਦਿਨ ਦਾ ਪੁਲਿਸ ਰਿਮਾਂਡ ਹਾਸਲ ਹੋਣ ਤੇ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।



# ਸਰਕਾਰੀ ਹਾਈ ਸਕੂਲ ਲੜਕੀਆਂ ਭਾਰਗੋ ਕੈਂਪ ਜਲੰਧਰ ਵਿਖੇ ਸੈਮੀਨਾਰ ਆਯੋਜਿਤ




**ਜਲੰਧਰ, 17 ਦਸੰਬਰ (ਆਵਾਜ਼ਿ ਕੌਮ ਬਿਊਰੋ)**- ਸਪੈਸ਼ਲ ਡਾਇਰੈਕਟਰ ਜਨਰਲ ਪੁਲਿਸ ਕਮਿਊਨਿਟੀ ਅਫੇਅਰ ਡਵੀਜਨ ਪੰਜਾਬ,ਧੰਨਪ੍ਰੀਤ ਕੌਰ ਆਈ.ਪੀ.ਐਸ. ਪੁਲਿਸ ਕਮਿਸ਼ਨਰ ਜਲੰਧਰ ਅਤੇ ਸੁਖਵਿੰਦਰ ਸਿੰਘ ਵਧੀਕ ਡਿਪਟੀ ਕਮਿਸਨਰ ਪੁਲਿਸ ਸਥਾਨਕ-ਕਮ-ਜ਼ਿਲ੍ਹਾ ਕਮਿਊਨਿਟੀ ਪੁਲਿਸ ਅਫਸਰ ਕਮਿਸ਼ਨਰੇਟ ਜਲੰਧਰ ਦੀਆਂ ਹਦਾਇਤਾਂ ਅਨੁਸਾਰ ਸਬ:ਇੰਸ: ਰਘਬੀਰ ਸਿੰਘ ਸੁਪਰਵਾਈਜਰ ਅਫਸਰ ਸਬ ਡਵੀਜਨ ਸਾਂਝ ਕੇਂਦਰ ਵੈਸ ਅਤੇ ਮਾਡਲ ਟਾਊਨ ਜਲੰਧਰ ਸਮੇਤ ਏਐਸਆਈ ਸੁਖਵਿੰਦਰ ਸਿੰਘ ਸੁਪਰਵਾਈਜਰ ਅਫਸਰ ਸਬ ਡਵੀਜਨ ਸਾਂਝ ਕੇਂਦਰ ਸੈਂਟਰਲ ਅਤੇ ਨਾਰਥ ਜਲੰਧਰ ਵੱਲੋਂ ਜਾਰੀ ਆਦੇਸ਼ਾਂ ਦੇ ਮੁਤਾਬਿਕ ਨਰੇਸ ਦੇਵਾਨ ਨਿਊਟਰੀਸ਼ਨ ਅਤੇ ਮੀਨਲ ਵਰਮਾ (ਏਆਰ) ਸਾਂਝ ਕਮੇਟੀ ਮੈਂਬਰਾ ਦੀ ਮਦਦ ਨਾਲ, ਸਰਕਾਰੀ ਹਾਈ ਸਕੂਲ ਲੜਕੀਆ ਭਾਰਗੋ ਕੈਂਪ ਜਲੰਧਰ ਵਿਖੇ ਸਟਾਫ ਦੇ ਸਹਿਯੋਗ ਨਾਲ ਇੱਕ ਸੈਮੀਨਾਰ ਕੀਤਾ ਗਿਆ। ਜਿਸ ਵਿੱਚ ਹਾਜਰੀਨ ਨੂੰ ਆਮ ਅਵੇਅਰਨੈਸ ਦੇ ਨਾਲ-ਨਾਲ ਬੱਚਿਆਂ ਅਤੇ ਔਰਤਾ ਦੇ ਵਿਰੁੱਧ ਵਾਪਰਨ ਵਾਲੇ ਕਰਾਈਮ ਬਾਰੇ, ਉਸ ਦੀ ਰੋਕਥਾਮ ਬਾਰੇ ਅਤੇ ਬੱਚਿਆਂ ਅਤੇ ਔਰਤਾਂ ਦੀ ਪ੍ਰੋਟੈਕਸਨ ਸਬੰਧੀ ਕਨੂੰਨਾ ਬਾਰੇ ਵਿਸਥਾਰ ਨਾਲ ਜਾਣੂ ਕਰਾਇਆ ਗਿਆ।

# ਨਗਰ ਨਿਗਮ ਵੱਲੋਂ ਜੀ.ਆਈ.ਐਸ. ਸਰਵੇ ਦੇ ਨਾਂ 'ਤੇ ਕੋਈ ਵੀ ਫੀਸ ਨਹੀਂ ਲਈ ਜਾ ਰਹੀ: ਨਿਗਮ ਕਮਿਸ਼ਨਰ

ਅੰਮ੍ਰਿਤਸਰ 17 ਦਸੰਬਰ (ਆਵਾਜ਼ਿ ਕੌਮ ਬਿਊਰੋ)-ਨਗਰ ਨਿਗਮ ਅੰਮ੍ਰਿਤਸਰ ਵੱਲੋਂ ਸ਼ਹਿਰ ਅਧੀਨ ਆਉਂਦੀਆਂ ਪ੍ਰਾਪਰਟੀਆਂ (ਘਰ, ਵਪਾਰਕ ਅਤੇ ਰਿਹਾਇਸ਼ੀ ਇਮਾਰਤਾਂ, ਦੁਕਾਨਾਂ, ਫੈਕਟਰੀਆਂ ਆਦਿ) ਦੀ ਡਿਜ਼ੀਟਲ ਮੈਪਿੰਗ ਲਈ ਕਰਵਾਏ ਜਾ ਰਹੇ ਜੀ.ਆਈ.ਐਸ. ਸਰਵੇ ਦੇ ਨਾਂ 'ਤੇ ਲੋਕਾਂ ਤੋਂ ਪੈਸੇ ਮੰਗੇ ਜਾਣ ਦੀਆਂ ਸ਼ਿਕਾਇਤਾਂ ਮਿਲਣ 'ਤੇ ਨਗਰ ਨਿਗਮ ਕਮਿਸ਼ਨਰ ਨੇ ਲੋਕਾਂ ਨੂੰ ਸਾਵਧਾਨ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਨੇ ਦੱਸਿਆ ਕਿ ਸਥਾਨਕ ਸਰਕਾਰਾਂ ਵਿਭਾਗ ਪੰਜਾਬ ਵੱਲੋਂ ਸ਼ਹਿਰ ਦੀ ਲਗਭਗ ਚਾਰ ਲੱਖ ਪ੍ਰਾਪਰਟੀਆਂ ਦੀ ਡਿਜ਼ੀਟਲ ਮੈਪਿੰਗ ਲਈ ਸਾਈਬਰ ਸਵਿਫਟ ਕੰਪਨੀ ਨੂੰ ਠੇਕਾ ਦਿੱਤਾ ਗਿਆ ਹੈ। ਉਨ੍ਹਾਂ ਦੇ ਧਿਆਨ ਵਿੱਚ ਆਇਆ ਹੈ ਕਿ ਕੁਝ ਲੋਕ ਜੀ.ਆਈ.ਐਸ. ਸਰਵੇ ਦੇ ਨਾਂ 'ਤੇ ਘਰਾਂ ਤੋਂ ਸੌ-ਸੌ ਰੁਪਏ ਵਸੂਲ ਕਰ ਰਹੇ ਹਨ, ਜੋ ਕਿ ਸਰਾਸਰ ਗਲਤ ਹੈ। ਉਨ੍ਹਾਂ ਸਪਸ਼ਟ ਕੀਤਾ ਕਿ ਨਗਰ ਨਿਗਮ ਵੱਲੋਂ ਸਾਈਬਰ ਸਵਿਫਟ ਕੰਪਨੀ ਤੋਂ ਇਲਾਵਾ ਕਿਸੇ ਹੋਰ ਕੰਪਨੀ ਜਾਂ ਸੰਸਥਾ ਨੂੰ ਜੀ.ਆਈ.ਐਸ. ਸਰਵੇ ਲਈ ਨਿਯੁਕਤ ਨਹੀਂ ਕੀਤਾ ਗਿਆ ਹੈ। ਕੰਪਨੀ ਦੇ ਕਰਮਚਾਰੀ ਹੀ ਘਰ-ਘਰ ਜਾ ਕੇ ਬਿਨਾਂ ਕਿਸੇ ਫੀਸ ਦੇ ਇਹ ਸਰਵੇ ਕਰ ਰਹੇ ਹਨ। ਸ਼ਹਿਰ ਵਾਸੀਆਂ ਨੂੰ ਸਿਰਫ਼ ਸਰਵੇ ਟੀਮ ਨੂੰ ਆਪਣੀ ਪ੍ਰਾਪਰਟੀ ਸੰਬੰਧਿਤ ਜਾਣਕਾਰੀ ਦੇਣੀ ਹੈ ਅਤੇ ਜੇ ਕੋਈ ਵੀ ਵਿਅਕਤੀ ਸਰਵੇ ਦੇ ਨਾਂ 'ਤੇ ਪੈਸਿਆਂ ਦੀ ਮੰਗ ਕਰੇ ਤਾਂ ਉਸ ਦੀ ਸੂਚਨਾ ਤੁਰੰਤ ਨਗਰ ਨਿਗਮ ਨੂੰ ਦਿੱਤੀ ਜਾਵੇ। ਸਰਵੇ ਦੀ ਪ੍ਰਗਤੀ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਇਸ ਸਮੇਂ ਸਰਵੇ ਟੀਮਾਂ ਵੱਲੋਂ ਵਾਰਡ ਨੰਬਰ 3, 4, 31 ਅਤੇ 67 ਵਿੱਚ ਘਰ-ਘਰ ਜਾ ਕੇ ਜੀ.ਆਈ.ਐਸ. ਸਰਵੇ ਕੀਤਾ ਜਾ ਰਿਹਾ ਹੈ। ਅਗਲੇ 10-15 ਦਿਨਾਂ ਵਿੱਚ ਵਾਰਡ ਨੰਬਰ 7, 32, 69 ਅਤੇ 71 ਵਿੱਚ ਸਰਵੇ ਦਾ ਕੰਮ ਸ਼ੁਰੂ ਕੀਤਾ ਜਾਵੇਗਾ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਸਰਵੇ ਟੀਮਾਂ ਨੂੰ ਪੂਰਾ ਸਹਿਯੋਗ ਦਿੱਤਾ ਜਾਵੇ ਅਤੇ ਸਹੀ ਜਾਣਕਾਰੀ ਪ੍ਰਦਾਨ ਕੀਤੀ ਜਾਵੇ, ਕਿਉਂਕਿ ਡਿਜ਼ੀਟਲ ਮੈਪਿੰਗ ਨਾਲ ਨਗਰ ਨਿਗਮ ਨੂੰ ਸ਼ਹਿਰ ਦੇ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ, ਬਿਹਤਰ ਟਾਊਨ ਪਲਾਨਿੰਗ, ਪਬਲਿਕ ਟ੍ਰਾਂਸਪੋਰਟ ਪ੍ਰਣਾਲੀ ਅਤੇ ਐਮਰਜੈਂਸੀ ਸੇਵਾਵਾਂ ਨੂੰ ਸੁਧਾਰਨ ਵਿੱਚ ਮਦਦ ਮਿਲੇਗੀ।

# ਆਂਗਣਵਾੜੀ ਵਿਭਾਗ ਵੱਲੋਂ ਪਿੰਡ ਸ਼ੇਰਪੁਰ ਵਿੱਚ ਬਾਲ ਵਿਆਹ ਰੋਕਣ ਸਬੰਧੀ ਜਾਗਰੂਕਤਾ ਕੈਂਪ ਲਾਇਆ ਗਿਆ



ਹੁਸ਼ਿਆਰਪੁਰ, 17 ਦਿਸੰਬਰ (ਆਵਾਜ਼ਿ ਕੌਮ ਬਿਊਰੋ)- ਡਾਇਰੈਕਟਰ ਸਮਾਜਿਕ ਸੁਰਖਿਆ ਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਦੇ ਦਿ.ਸਾ. ਨਿਰਦੇਸਾ ਹੇਠ ਜਿਲਾ ਪ੍ਰੋਗ੍ਰਾਮ ਅਫਸਰ ਹੁਸਿਆਰਪੁਰ-1 ਤੇ ਸੀ ਡੀ ਪੀ ਓ ਮੈਡਮ ਰਾਵਿਦੰਰ ਕੌਰ ਜੀ ਦੀ ਅਗਵਾਈ ਹੇਠ ਸਰਕਲ ਸੁਪਰਵਾਈਜਰ ਮੈਡਮ ਸ਼ਰਮੀਲਾ ਰਾਣੀ ਬਲਾਕ ਹੁਸਿਆਰਪੁਰ-1 ਸਰਕਲ ਲਾਚੋਵਾਲ ਵਿੱਚ ਪੈਂਦੇ ਪਿੰਡ ਸ਼ੇਰਪੁਰ ਵਿੱਚ ਬਾਲ ਵਿਆਹ ਰੋਕਣ ਸਬੰਧੀ ਜਾਗਰੂਕਤਾ ਕੈਂਪ ਲਗਾਇਆ ਗਿਆ ਜਿਸ ਵਿੱਚ ਆਂਗਨਵਾੜੀ ਵਰਕਰ ਅੰਜਨਾ ਰਾਣੀ ਅਤੇ ਹੋਰ ਪਿੰਡ ਤੋਂ ਆਏ ਪਤਵੰਤੇ ਸੱਜਣ ਤੇ ਔਰਤਾਂ ਨੇ ਭਾਗ ਲਿਆ ਵਰਕਰ ਵੱਲੋਂ ਆਏ ਹੋਏ ਸਾਰੇ ਮਹਿਮਾਨਾਂ ਦਾ ਸਵਾਗਤ ਕੀਤਾ ਗਿਆ ਤੇ ਬਾਅਦ ਵਿੱਚ ਸੁਪਰਵਾਈਜ਼ਰ ਸ਼ਰਮੀਲਾ ਰਾਣੀ ਵੱਲੋਂ ਲੋਕਾਂ ਨੂੰ ਜਾਗਰੂਕ ਕੀਤਾ ਗਿਆ ਉਹਨਾਂ ਦੱਸਿਆ ਕਿ ਬਾਲ ਵਿਆਹ ਇੱਕ ਬਹੁਤ ਵੱਡਾ ਕਾਨੂੰਨੀ ਅਪਰਾਧ ਹੈ ਇਸ ਨੂੰ ਸਾਨੂੰ ਰੋਕਣਾ ਚਾਹੀਦਾ ਹੈ ਰੋਕਥਾਮ ਐਕਟ 2006 ਅਤੇ ਹਾਲ ਵਿੱਚ ਹੀ ਪ੍ਰਸਤਾਵਿਤ ਸੋਧਾਂ ਕੀਤੀਆਂ ਗਈਆਂ ਹਨ। ਭਾਰਤ ਵਿੱਚ ਮੈਰਿਜ ਦੀ ਸਹੀ ਉਮਰ ਲੜਕੀ ਦੀ 18 ਸਾਲ ਅਤੇ ਲੜਕੇ ਦੀ ਉਮਰ 21 ਸਾਲ ਹੈ। ਜੇ ਬਾਲ ਵਿਆਹ ਕਰਨ ਵਿੱਚ ਕੋਈ ਉਨਾਂ ਦੀ ਸਹਾਇਤਾ ਕਰਦਾ ਹੈ ਤੇ ਉਹਨਾਂ ਨੂੰ ਦੋ ਸਾਲ ਦੀ ਸਜ਼ਾ ਅਤੇ 1 ਲੱਖ ਰੁਪਏ ਜੁਰਮਾਨਾ ਕੀਤਾ ਜਾਂਦਾ ਹੈ ਬਾਲ ਵਿਆਹ ਰੋਕਣ ਰੋਕਣ ਲਈ ਸਿੱਖਿਆ ਜਾਗਰੂਕਤਾ ਲੜਕੀਆਂ ਨੂੰ ਕਾਬਲ ਬਣਾਉਣਾ ਆਰਥਿਕ ਅਫਸਰ ਪ੍ਰਦਾਨ ਕਰਨਾ ਅਤੇ ਸਖਤ ਕਾਨੂੰਨੀ ਪਰਿਵਰਤਨ ਜਰੂਰੀ ਹੈ ਇਸ ਵਿੱਚ ਚਾਇਲਡ ਹੈਲਪਲਾਈਨ 1098 ਦਾ ਉਪਜੋਗ ਕਰੋ ਬਾਲ ਵਿਆਹ ਕਰਵਾਉਣ ਦੇ ਸਾਨੂੰ ਬਹੁਤ ਸਾਰੇ ਨੁਕਸਾਨ ਹਨ ਪਹਿਲਾਂ ਤੇ ਲੜਕੀ ਦਾ ਸਰੀਰ ਬਹੁਤ ਕਮਜ਼ੋਰ ਹੁੰਦਾ ਹੈ ਤੇ ਵਿਆਹ ਤੋਂ ਬਾਅਦ ਜਦੋਂ ਲੜਕੀ ਗਰਭ ਧਾਰਨ ਕਰਦੀ ਹੈ ਤਾਂ ਉਸਦਾ ਸਰੀਰ ਉਸ ਲਈ ਤਿਆਰ ਨਹੀਂ ਹੁੰਦਾ ਅਤੇ ਮਾਤਾ ਅਤੇ ਬੱਚੇ ਦੀ ਮੌਤ ਦਰ ਬਹੁਤ ਜਿਆਦਾ ਵਧ ਜਾਂਦੀ ਹੈ ਬਾਲ ਵਿਆਹ ਵਿੱਚ ਨਵਜਮ ਬੱਚੇ ਕਪੋਛਣ ਦਾ ਸ਼ਿਕਾਰ ਹੁੰਦੇ ਹਨ ਉਹਨਾਂ ਦਾ ਭਾਰ ਘੱਟ ਅਤੇ ਖੂਨ ਦੀ ਕਮੀ ਹੁੰਦੀ ਹੈ ਇਸ ਲਈ ਸਾਨੂੰ ਬਾਲ ਵਿਆਹ ਰੋਕਣਾ ਚਾਹੀਦਾ ਹੈ ਜਦੋਂ ਵੀ ਕਿਤੇ ਬਾਲ ਵਿਆਹ ਦਾ ਸਾਨੂੰ ਪਤਾ ਚੱਲਦਾ ਹੈ ਤੇ ਉਸ ਦੀ ਸੂਚਨਾ ਜਰੂਰ ਦਿਓ ਤਾਂ ਜੋ ਬਾਲ ਵਿਆਹ ਰੁਕ ਸਕੇ ਇਸ ਮੌਕੇ ਸਕੂਲ ਅਧਿਆਪਕ ,ਆਸ਼ਾ ਵਰਕਰ ਤੇ ਸਕੂਲ ਦੇਬੱਚਿਆਂਵੱਲੋਂ ਭਾਗ ਲਿਆ ਗਿਆ। ਬਾਅਦ ਵਿੱਚ ਆਂਗਨਵਾੜੀ ਵਰਕਰ ਅੰਜਨਾਰਾਣੀ ਵੱਲੋਂ ਪਿੰਡ ਤੋਂ ਆਏ ਹੋਏ ਪਤਵੰਤੇ ਸੱਜਣਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।